

ਬਾਬਾ ਸ਼ੇਖ ਫਰੀਦ ਜੀ
(ਆਗਮਨ ਪੁਰਬ 'ਤੇ ਵਿਸ਼ੇਸ਼) ਪੰਨਾ 7

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

ਬੁੱਧਵਾਰ, 23 ਸਤੰਬਰ 2026 (ਨਾਨਕਸ਼ਾਹੀ ਸੰਮਤ : ੫੫੮, ੭ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243





## ਗੁਲਾਬ ਸਿੱਧੂ ਦੇ ਘਰ ਫਾਇਰਿੰਗ ਕਰਨ ਵਾਲੇ 3 ਸ਼ੂਟਰ ਗ੍ਰਿਫ਼ਤਾਰ

**ਚੰਡੀਗੜ੍ਹ, 22 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਬਰਨਾਲਾ ਪੁਲਿਸ ਨੇ ਪੰਜਾਬੀ ਗਾਇਕ ਗੁਲਾਬ ਸਿੱਧੂ ਦੇ ਘਰ 'ਤੇ ਗੋਲੀਆਂ ਚਲਾਉਣ ਦੇ ਦੋਸ਼ ਵਿੱਚ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਸੂਤਰਾਂ ਅਨੁਸਾਰ, ਗ੍ਰਿਫ਼ਤਾਰ ਕੀਤੇ ਗਏ ਤਿੰਨੋਂ ਵਿਅਕਤੀ ਪੰਜਾਬ ਦੇ ਵੱਖ-ਵੱਖ ਹਿੱਸਿਆਂ ਨਾਲ ਸਬੰਧਤ ਹਨ। ਉਹ ਘਟਨਾ ਵਾਲੀ ਰਾਤ ਮੋਟਰਸਾਈਕਲ 'ਤੇ ਮੌਕੇ 'ਤੇ ਪਹੁੰਚੇ ਸਨ। ਹਾਲਾਂਕਿ, ਜ਼ਿਲ੍ਹਾ ਪੁਲਿਸ ਦੇ ਕਿਸੇ ਵੀ ਉੱਚ ਅਧਿਕਾਰੀ ਨੇ ਅਜੇ ਤੱਕ ਇਨ੍ਹਾਂ ਗ੍ਰਿਫ਼ਤਾਰੀਆਂ ਦੀ ਅਧਿਕਾਰਤ ਪੁਸ਼ਟੀ ਨਹੀਂ ਕੀਤੀ ਹੈ। ਉੱਚ ਅਧਿਕਾਰੀਆਂ ਨੇ ਦੱਸਿਆ ਕਿ ਇਸ ਪੂਰੇ ਮਾਮਲੇ ਦੇ ਵੇਰਵੇ ਅੱਜ ਦੁਪਹਿਰ 1:00 ਵਜੇ ਬਰਨਾਲਾ ਦੇ ਜ਼ਿਲ੍ਹਾ ਪੁਲਿਸ ਮੁਖੀ (ਐਸ.ਐਸ.ਪੀ.) ਦੇ ਪ੍ਰੈਸ ਕਾਨਫਰੰਸ ਹਾਲ ਵਿੱਚ ਜਾਰੀ ਕੀਤੇ ਜਾਣਗੇ। ਇਸ ਮੌਕੇ ਪਟਿਆਲਾ ਰੇਂਜ ਦੇ ਡੀ.ਆਈ.ਜੀ. ਕੁਲਦੀਪ ਸਿੰਘ ਚਾਹਲ ਵਿਸ਼ੇਸ਼ ਤੌਰ 'ਤੇ ਮੌਜੂਦ ਰਹਿਣਗੇ; ਉਹ ਦੋਸ਼ੀਆਂ ਨੂੰ ਮੀਡੀਆ ਦੇ ਸਾਹਮਣੇ ਪੇਸ਼ ਕਰਨਗੇ ਅਤੇ ਘਟਨਾ ਪਿੱਛੇ ਰਚੀ ਗਈ ਸਾਜ਼ਿਸ਼ ਦਾ ਖ਼ੁਲਾਸਾ ਕਰਨਗੇ। ਇਹ ਘਟਨਾ 12-13 ਸਤੰਬਰ ਦੀ ਰਾਤ ਨੂੰ ਡੇਢ ਅਤੇ ਦੋ ਵਜੇ ਦੇ ਵਿਚਕਾਰ ਵਾਪਰੀ। ਹਮਲਾਵਰਾਂ ਨੇ ਫਰਵਾਹੀ ਪਿੰਡ ਵਿੱਚ ਸਿੱਧੂ ਦੇ ਜੱਦੀ ਘਰ 'ਤੇ ਅੰਨ੍ਹੇਵਾਹ ਗੋਲੀਆਂ ਚਲਾਈਆਂ। ਘਰ ਪਹੁੰਚਣ 'ਤੇ ਨੌਜਵਾਨਾਂ ਨੇ ਆਪਣਾ ਬਾਈਕ ਰੋਕਿਆ। ਫਿਰ ਵਿਚਕਾਰ ਬੈਠੇ ਨੌਜਵਾਨ ਨੇ ਪਿਸਤੌਲ ਲੋਡ ਕੀਤੀ ਅਤੇ ਗੋਲੀਆਂ ਚਲਾਉਣੀਆਂ ਸ਼ੁਰੂ ਕਰ ਦਿੱਤੀਆਂ, ਜਦਕਿ ਉਸ ਦੇ ਪਿੱਛੇ ਬੈਠੇ ਨੌਜਵਾਨ ਨੇ ਵੀ ਗੋਲੀਆਂ ਚਲਾਈਆਂ। ਇਸ ਦੌਰਾਨ, ਤੀਜੇ ਨੌਜਵਾਨ ਨੇ, ਜੋ ਬਾਈਕ ਚਲਾ ਰਿਹਾ ਸੀ, ਇੱਕ ਵੀਡੀਓ ਬਣਾਈ; ਫੁਟੇਜ ਵਿੱਚ ਤਿੰਨੋਂ ਨੌਜਵਾਨ ਮੋਟਰਸਾਈਕਲ 'ਤੇ ਘਰ ਵੱਲ ਆਉਂਦੇ ਦਿਖਾਈ ਦੇ ਰਹੇ ਹਨ।

### ਯੂਰਪ ਦੇ 4 ਦੇਸ਼ਾਂ ਨੇ ਕੀਤਾ ਸਮਰਥਨ

# ਕੀ ਸੰਯੁਕਤ ਰਾਸ਼ਟਰ ਦਾ ਸਥਾਈ ਮੈਂਬਰ ਬਣੇਗਾ ਭਾਰਤ ?

**ਨਵੀਂ ਦਿੱਲੀ, 22 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਲੰਬੇ ਸਮੇਂ ਤੋਂ ਭਾਰਤ ਨੂੰ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ (UNSC) ਦਾ ਸਥਾਈ ਮੈਂਬਰ ਬਣਾਏ ਜਾਣ ਦੀ ਮੰਗ ਰੱਖੀ ਜਾ ਰਹੀ ਹੈ। ਇਸੇ ਦੌਰਾਨ ਭਾਰਤ ਦੀ ਸਥਾਈ ਮੈਂਬਰਸ਼ਿਪ ਦੀ ਦਾਅਵੇਦਾਰੀ ਨੂੰ ਇੱਕ ਵੱਡਾ ਗਲੋਬਲ ਸਮਰਥਨ ਮਿਲਿਆ ਹੈ। ਯੂਰਪੀ ਮਹਾਂਦੀਪ ਦੇ ਚਾਰ ਪ੍ਰਮੁੱਖ ਦੇਸ਼ਾਂ- ਆਸਟ੍ਰੀਆ, ਚੈੱਕ ਗਣਰਾਜ, ਹੰਗਰੀ ਅਤੇ ਸਲੋਵਾਕੀਆ ਨੇ ਸੁਰੱਖਿਆ ਪ੍ਰੀਸ਼ਦ 'ਚ ਭਾਰਤ ਨੂੰ ਸਥਾਈ ਸੀਟ ਦਿੱਤੇ ਜਾਣ ਦੀ ਮੰਗ ਦਾ ਪੁਰਜ਼ੋਰ ਸਮਰਥਨ ਕੀਤਾ ਹੈ। ਨਿਊਯਾਰਕ 'ਚ ਹੋ ਰਹੀ UNGA ਦੀ ਬੈਠਕ ਦੌਰਾਨ ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੇ ਇਸ ਸਮਰਥਨ ਦਾ ਸੁਆਗਤ ਕਰਦਿਆਂ ਇਨ੍ਹਾਂ ਚਾਰਾਂ ਦੇਸ਼ਾਂ ਦੇ ਵਿਦੇਸ਼ ਮੰਤਰੀਆਂ ਨਾਲ ਹੋਈ ਉੱਚ-ਪੱਧਰੀ ਬੈਠਕ ਨੂੰ ਇਤਿਹਾਸਕ ਕਰਾਰ ਦਿੱਤਾ ਹੈ। ਚਾਰੋਂ ਦੇਸ਼ਾਂ ਦੇ ਵਿਦੇਸ਼ ਮੰਤਰੀਆਂ ਨੇ ਸਰਬਸੰਮਤੀ ਨਾਲ ਮੰਨਿਆ ਕਿ ਗਲੋਬਲ ਮੰਚਾਂ 'ਤੇ ਭਾਰਤ ਦੀ ਵਧਦੀ ਆਰਥਿਕ ਅਤੇ ਕੂਟਨੀਤਕ




ਭੂਮਿਕਾ ਨੂੰ ਦੇਖਦੇ ਹੋਏ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ (UNSC) 'ਚ ਸੁਧਾਰ ਬਹੁਤ ਜ਼ਰੂਰੀ ਹਨ। ਉਨ੍ਹਾਂ ਕਿਹਾ ਕਿ 1.4 ਅਰਬ ਤੋਂ ਵੱਧ ਦੀ ਆਬਾਦੀ ਅਤੇ ਦੁਨੀਆ ਦੀ ਸਭ ਤੋਂ ਤੇਜ਼ੀ ਨਾਲ ਵਧ ਰਹੀ ਅਰਥਵਿਵਸਥਾ ਹੋਣ ਕਾਰਨ ਭਾਰਤ UNSC 'ਚ ਸਥਾਈ ਸੀਟ ਦਾ ਪੂਰਾ ਹੱਕਦਾਰ ਹੈ। ਇਸ ਮੌਕੇ ਭਾਰਤੀ ਵਿਦੇਸ਼ ਮੰਤਰੀ ਜੈਸ਼ੰਕਰ ਨੇ ਕਿਹਾ ਕਿ ਗਲੋਬਲ ਅਨਿਸ਼ਚਿਤਤਾਵਾਂ ਦੇ ਇਸ ਦੌਰ 'ਚ ਭਾਰਤ ਅਤੇ ਯੂਰਪੀ ਦੇਸ਼ਾਂ ਵਿਚਾਲੇ ਰਣਨੀਤਕ ਸਹਿਯੋਗ ਹੋਰ ਮਜ਼ਬੂਤ ਹੋਇਆ ਹੈ। ਉਨ੍ਹਾਂ ਕਿਹਾ, "ਸੁਰੱਖਿਆ ਪ੍ਰੀਸ਼ਦ 'ਚ ਭਾਰਤ ਦੀ ਸਥਾਈ ਮੈਂਬਰਸ਼ਿਪ ਦਾ ਸਮਰਥਨ ਕਰਨ ਲਈ ਅਸੀਂ ਇਨ੍ਹਾਂ ਚਾਰਾਂ ਦੇਸ਼ਾਂ ਦੇ ਧੰਨਵਾਦੀ ਹਾਂ। ਇਹ ਬੈਠਕ ਭਾਰਤ-ਯੂਰਪ ਸਬੰਧਾਂ ਦੇ ਇੱਕ ਨਵੇਂ ਪੜਾਅ ਦੀ ਸ਼ੁਰੂਆਤ ਹੈ।" ਇਸ ਬੈਠਕ ਦੌਰਾਨ ਭਾਰਤ ਅਤੇ ਚਾਰੋਂ ਯੂਰਪੀ ਦੇਸ਼ਾਂ ਵਿਚਾਲੇ ਵਪਾਰ, ਨਿਵੇਸ਼, ਰੱਖਿਆ, ਸਪਲਾਈ ਚੇਨ ਨੂੰ ਮਜ਼ਬੂਤ ਕਰਨ ਅਤੇ ਡਿਜੀਟਲ ਤਕਨਾਲੋਜੀ ਦੇ ਖੇਤਰ ਵਿੱਚ ਸਹਿਯੋਗ ਵਧਾਉਣ 'ਤੇ ਵਿਸਥਾਰਪੂਰਵਕ ਗੱਲਬਾਤ ਹੋਈ। ਇਸ ਤੋਂ ਇਲਾਵਾ, ਗਲੋਬਲ ਪੱਧਰ 'ਤੇ ਤਣਾਅ ਅਤੇ ਇੰਡੋ-ਪੈਸੀਫਿਕ ਖੇਤਰ 'ਚ ਸ਼ਾਂਤੀ ਅਤੇ ਸਥਿਰਤਾ ਬਣਾਏ ਰੱਖਣ ਵਰਗੇ ਅਹਿਮ ਮੁੱਦਿਆਂ 'ਤੇ ਵੀ ਚਰਚਾ ਕੀਤੀ ਗਈ।

## ਜੱਜਾਂ ਦੀ ਨਿਯੁਕਤੀ ਦੌਰਾਨ 'ਸਿੱਖ ਚਿਹਰਿਆਂ' ਨੂੰ ਨਜ਼ਰਅੰਦਾਜ਼ ਕਰਨ 'ਤੇ ਉੱਠੇ ਸਵਾਲ

**ਚੰਡੀਗੜ੍ਹ, 22 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਕੌਮੀ ਘੱਟ ਗਿਣਤੀ ਕਮਿਸ਼ਨ ਦੇ ਸਾਬਕਾ ਚੇਅਰਮੈਨ ਤਰਲੋਚਨ ਸਿੰਘ ਨੇ ਕੇਂਦਰ ਸਰਕਾਰ 'ਤੇ 'ਪਿਕ ਐਂਡ ਚੂਜ਼' ਨੀਤੀ ਅਪਣਾਉਣ ਦਾ ਦੋਸ਼ ਲਾਉਂਦਿਆਂ ਦਿੱਲੀ ਅਤੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਜੱਜਾਂ ਦੀ ਨਿਯੁਕਤੀ ਵਿੱਚ ਦੋ ਸਿੱਖਾਂ ਨੂੰ ਸ਼ਾਮਲ ਨਾ ਕੀਤੇ ਜਾਣ 'ਤੇ ਸਵਾਲ ਚੁੱਕੇ ਹਨ। ਚੀਫ਼ ਜਸਟਿਸ ਆਫ਼ ਇੰਡੀਆ ਸੂਰਿਆ ਕਾਂਤ ਅਤੇ ਕੇਂਦਰੀ ਕਾਨੂੰਨ ਤੇ ਨਿਆਂ ਰਾਜ ਮੰਤਰੀ ਅਰਜੁਨ ਰਾਮ ਮੇਘਵਾਲ ਨੂੰ ਲਿਖੇ ਪੱਤਰ ਵਿੱਚ ਤਰਲੋਚਨ ਸਿੰਘ ਨੇ ਕਿਹਾ ਕਿ ਕੌਲੀਜੀਅਮ ਵੱਲੋਂ ਵਕੀਲ ਮੇਜਰ ਨਵਦੀਪ ਸਿੰਘ ਦੇ ਨਾਮ ਦੀ ਸਿਫ਼ਾਰਸ਼ ਕੀਤੀ ਗਈ ਸੀ। ਇਸ ਦੇ ਬਾਵਜੂਦ ਉਨ੍ਹਾਂ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦਾ ਜੱਜ ਨਹੀਂ ਬਣਾਇਆ ਗਿਆ। ਇਸੇ ਤਰ੍ਹਾਂ ਉਨ੍ਹਾਂ ਕਿਹਾ ਕਿ ਦਿੱਲੀ ਦੇ ਨਿਆਂਇਕ ਅਧਿਕਾਰੀ ਗੁਰਵਿੰਦਰ ਪਾਲ ਸਿੰਘ ਨੂੰ ਵੀ ਦਿੱਲੀ ਹਾਈ ਕੋਰਟ ਦਾ ਜੱਜ ਨਿਯੁਕਤ ਨਹੀਂ




ਕੀਤਾ ਗਿਆ। ਤਰਲੋਚਨ ਸਿੰਘ ਨੇ ਆਪਣੇ ਪੱਤਰ ਵਿੱਚ ਕਿਹਾ ਕਿ ਜਦੋਂ ਸੁਪਰੀਮ ਕੋਰਟ ਦਾ ਕੌਲੀਜੀਅਮ ਲੰਮੀ ਪ੍ਰਕਿਰਿਆ ਤੋਂ ਬਾਅਦ ਜੱਜਾਂ ਦੀ ਨਿਯੁਕਤੀ ਲਈ ਅੰਤਿਮ ਸਿਫ਼ਾਰਸ਼ ਕਰਦਾ ਹੈ ਤਾਂ ਲੋਕ ਹੈਰਾਨ ਹਨ ਕਿ ਕੇਂਦਰ ਸਰਕਾਰ ਨੇ 'ਪਿਕ ਐਂਡ ਚੂਜ਼' ਦੀ ਨੀਤੀ ਕਿਉਂ ਅਪਣਾਈ ਅਤੇ ਦੋਵਾਂ ਮਾਮਲਿਆਂ ਵਿੱਚ ਘੱਟ ਗਿਣਤੀ ਭਾਈਚਾਰੇ ਨਾਲ ਸਬੰਧਤ ਉਮੀਦਵਾਰਾਂ ਨੂੰ ਜੱਜ ਬਣਨ ਤੋਂ ਰੋਕਿਆ ਗਿਆ। ਹਾਲਾਂਕਿ ਤਰਲੋਚਨ ਸਿੰਘ ਨੇ ਕਿਹਾ ਕਿ ਉਹ ਇਸ ਮੁੱਦੇ ਨੂੰ ਫ਼ਿਰਕੂ ਰੰਗ ਨਹੀਂ ਦੇਣਾ ਚਾਹੁੰਦੇ, ਸਗੋਂ ਦੋਵਾਂ ਮਾਮਲਿਆਂ ਵਿੱਚ ਨਿਆਂ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਕਾਨੂੰਨ ਮੰਤਰੀ ਵੱਲੋਂ ਦੋਵਾਂ ਨਾਵਾਂ ਨੂੰ ਰੋਕਣ ਦਾ ਕੋਈ ਕਾਰਨ ਨਹੀਂ ਦੱਸਿਆ ਗਿਆ ਹੈ।

## ਹਰਮਨਪ੍ਰੀਤ ਕੌਰ ਦੀ ਅਗਵਾਈ 'ਚ ਭਾਰਤੀ ਮਹਿਲਾ ਕ੍ਰਿਕਟ ਨੇ ਏਸ਼ੀਅਨ ਖੇਡਾਂ 'ਚ ਜਿੱਤਿਆ ਸੋਨ ਤਗਮਾ

**ਟੋਕੀਓ (ਜਪਾਨ), 22 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਭਾਰਤ ਨੇ ਮੰਗਲਵਾਰ ਨੂੰ ਮਹਿਲਾ ਕ੍ਰਿਕਟ ਫਾਈਨਲ ਵਿੱਚ ਸ਼੍ਰੀਲੰਕਾ ਨੂੰ 147 ਦੌੜਾਂ ਨਾਲ ਹਰਾ ਕੇ ਆਪਣੀ ਏਸ਼ੀਆਈ ਖੇਡਾਂ 2026 ਦੀ ਮੁਹਿੰਮ ਦੀ ਸ਼ੁਰੂਆਤ ਸੋਨੇ ਦੇ ਤਗਮੇ ਨਾਲ ਕੀਤੀ। ਭਾਰਤ, ਜਿਸਨੇ ਟਾਸ ਜਿੱਤ ਕੇ ਬੱਲੇਬਾਜ਼ੀ ਕਰਨ ਦਾ ਫੈਸਲਾ ਕੀਤਾ, ਨੇ 3 ਵਿਕਟਾਂ 'ਤੇ 216 ਦੌੜਾਂ ਦਾ ਵੱਡਾ ਸਕੋਰ ਬਣਾਇਆ। ਸ਼੍ਰੀਲੰਕਾ ਫਿਰ ਸਿਰਫ਼ 69 ਦੌੜਾਂ 'ਤੇ ਆਲ ਆਊਟ ਹੋ ਗਿਆ। ਇਸ ਜਿੱਤ ਨਾਲ ਭਾਰਤ ਨੇ ਪਿਛਲੀਆਂ ਏਸ਼ੀਆਈ ਖੇਡਾਂ ਵਿੱਚ ਜਿੱਤੇ ਗਏ ਮਹਿਲਾ ਕ੍ਰਿਕਟ ਖਿਤਾਬ ਦਾ ਸਫਲਤਾਪੂਰਵਕ ਬਚਾਅ ਕੀਤਾ ਹੈ। ਸਮ੍ਰਿਤੀ




ਮੰਧਾਨਾ ਨੇ 79 ਦੌੜਾਂ ਦੀ ਸ਼ਾਨਦਾਰ ਪਾਰੀ ਖੇਡੀ, ਜਦੋਂ ਕਿ ਸ਼ੇਫਾਲੀ ਵਰਮਾ ਨੇ 48 ਦੌੜਾਂ ਬਣਾਈਆਂ ਅਤੇ ਗੇਂਦ ਨਾਲ ਵੀ ਯੋਗਦਾਨ ਪਾਇਆ। ਓਪਨਿੰਗ ਜੋੜੀ ਨੇ 60 ਗੇਂਦਾਂ 'ਤੇ 99 ਦੌੜਾਂ ਜੋੜੀਆਂ, ਜਿਸ ਨਾਲ ਭਾਰਤ ਨੂੰ ਮਜ਼ਬੂਤ ਸ਼ੁਰੂਆਤ ਮਿਲੀ। ਸ਼ੇਫਾਲੀ ਨੇ ਸ਼੍ਰੀਲੰਕਾ ਦੇ ਗੇਂਦਬਾਜ਼ਾਂ 'ਤੇ ਸ਼ਕਤੀਸ਼ਾਲੀ ਸ਼ਾਟਾਂ ਨਾਲ ਹਮਲਾ ਕੀਤਾ, ਜਦੋਂ ਕਿ ਮੰਧਾਨਾ ਨੇ ਆਪਣੇ ਮੌਕੇ ਲੱਭੇ ਅਤੇ ਮੈਦਾਨ ਵਿੱਚ ਪਾੜੇ ਲੱਭਦੀ ਰਹੀ। ਭਾਰਤ ਪਹਿਲਾਂ ਹੀ ਛੇ ਓਵਰਾਂ ਤੋਂ ਬਾਅਦ 59 ਦੌੜਾਂ ਤੱਕ ਪਹੁੰਚ ਗਿਆ ਸੀ, ਜਿਸ ਨਾਲ ਦਿਖਾਇਆ ਗਿਆ ਕਿ ਉਨ੍ਹਾਂ ਨੇ ਪਾਰੀ ਦੀ ਸ਼ੁਰੂਆਤ ਕਿੰਨੀ ਹਮਲਾਵਰ ਢੰਗ ਨਾਲ ਕੀਤੀ। ਮੰਧਾਨਾ ਦੀ ਪਾਰੀ ਖਾਸ ਤੌਰ 'ਤੇ ਮਹੱਤਵਪੂਰਨ ਸੀ ਕਿਉਂਕਿ ਉਸਦੀਆਂ 79 ਦੌੜਾਂ ਨੇ ਉਸਦੀਆਂ 11,000 ਅੰਤਰਰਾਸ਼ਟਰੀ ਦੌੜਾਂ ਪੂਰੀਆਂ ਕੀਤੀਆਂ, ਜਿਸ ਨਾਲ ਉਹ ਇਸ ਮੀਲ ਪੱਥਰ 'ਤੇ ਪਹੁੰਚਣ ਵਾਲੀ ਪਹਿਲੀ ਮਹਿਲਾ ਕ੍ਰਿਕਟਰ ਬਣ ਗਈ। ਉਹ ਇੱਕ ਸੈਂਕੜਾ ਲਗਾਉਣ ਲਈ ਤਿਆਰ ਦਿਖਾਈ ਦੇ ਰਹੀ ਸੀ ਪਰ ਇੱਕ ਹੋਰ ਵੱਡਾ ਸ਼ਾਟ ਮਾਰਨ ਦੀ ਕੋਸ਼ਿਸ਼ ਕਰਦੇ ਹੋਏ ਕੈਚ ਹੋ ਗਈ। ਭਾਰਤ ਦੀ ਕਪਤਾਨ ਹਰਮਨਪ੍ਰੀਤ ਕੌਰ ਨੇ 17 ਗੇਂਦਾਂ 'ਤੇ ਸਿਰਫ਼ 19 ਦੌੜਾਂ ਬਣਾਈਆਂ। ਬੱਲੇ ਨਾਲ ਉਸਦੀਆਂ ਹਾਲੀਆ ਮੁਸ਼ਕਲਾਂ ਏਸ਼ੀਆ ਕੱਪ ਅਤੇ ਏਸ਼ੀਆਈ ਖੇਡਾਂ ਵਿੱਚ ਜਾਰੀ ਰਹੀਆਂ, ਇੱਕ ਹੋਰ ਘੱਟ ਸਕੋਰ ਨੇ ਉਸ ਦੇ ਮੌਜੂਦਾ ਫਾਰਮ ਬਾਰੇ ਚਰਚਾ ਵਿੱਚ ਵਾਧਾ ਕੀਤਾ। ਭਾਰਤ ਦੀ ਪ੍ਰਭਾਵਸ਼ਾਲੀ ਜਿੱਤ ਨੇ ਉਨ੍ਹਾਂ ਨੂੰ 2026 ਏਸ਼ੀਆਈ ਖੇਡਾਂ ਦਾ ਆਪਣਾ ਪਹਿਲਾ ਸੋਨ ਤਗਮਾ ਦਿਵਾਇਆ।

## ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਤ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਕਮੇਟੀ ਗਠਿਤ

**ਨਵੀਂ ਦਿੱਲੀ, 22 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਤ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼੍ਰੋਮਣੀ ਕਮੇਟੀ ਮੈਂਬਰਾਂ 'ਤੇ ਅਧਾਰਿਤ ਇਕ ਕਮੇਟੀ ਦਾ ਗਠਤ ਕੀਤਾ ਹੈ। ਇਸ ਕਮੇਟੀ ਵਿਚ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਬਲਦੇਵ ਸਿੰਘ ਕਾਇਮਪੁਰ, ਮੈਂਬਰ ਸ. ਗੁਰਮੀਤ ਸਿੰਘ ਬੂਹ, ਭਾਈ ਗੁਰਬਖ਼ਸ਼ ਸਿੰਘ

### ਸੰਗਤ ਵੱਲੋਂ ਉਠਾਏ ਜਾ ਰਹੇ ਹਰ ਸਵਾਲ ਦਾ ਜਵਾਬ ਕਮੇਟੀ ਦੀ ਰਿਪੋਰਟ ਮਗਰੋਂ ਤੱਥਾਂ ਸਮੇਤ ਦਿੱਤਾ ਜਾਵੇਗਾ: ਐਡਵੋਕੇਟ ਧਾਮੀ



ਖ਼ਾਲਸਾ ਤੇ ਬੀਬੀ ਗੁਰਿੰਦਰ ਕੌਰ ਭੋਲੂਵਾਲਾ ਨੂੰ ਸ਼ਾਮਲ ਕੀਤਾ ਗਿਆ ਹੈ, ਜਦਕਿ ਇਸ ਦੇ ਕੋਆਰਡੀਨੇਟਰ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਹੋਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਭਾਵੇਂ ਪਹਿਲਾਂ ਵੀ ਵਿਭਾਗੀ ਤੌਰ 'ਤੇ ਇਸ ਮਾਮਲੇ ਦੀ ਜਾਂਚ ਚੱਲ ਰਹੀ ਹੈ। ਬਣਾਈ ਗਈ ਇਹ ਕਮੇਟੀ ਮਾਮਲੇ ਨਾਲ ਸਬੰਧਤ ਹਰ ਪੱਖ ਦੀ ਜਾਂਚ ਕਰਕੇ 15 ਦਿਨਾਂ ਦੇ ਅੰਦਰ-ਅੰਦਰ ਆਪਣੀ ਰਿਪੋਰਟ ਸ਼੍ਰੋਮਣੀ ਕਮੇਟੀ ਨੂੰ ਸੌਂਪੇਗੀ। ਉਨ੍ਹਾਂ ਕਿਹਾ ਕਿ ਸੰਗਤਾਂ ਵੱਲੋਂ ਉਠਾਏ ਜਾ ਰਹੇ ਹਰ ਸਵਾਲ ਦਾ ਜਵਾਬ ਕਮੇਟੀ ਦੀ ਰਿਪੋਰਟ ਆਉਣ ਮਗਰੋਂ ਤੱਥਾਂ ਸਮੇਤ ਦਿੱਤਾ ਜਾਵੇਗਾ।

ਐਡਵੋਕੇਟ ਧਾਮੀ ਨੇ ਕਿਹਾ ਕਿ ਬਹਿਰੀਨ ਨਾਲ ਸਬੰਧਿਤ ਬੀਬੀ ਵੱਲੋਂ ਲਗਾਏ ਗਏ ਦੋਸ਼ਾਂ ਦੇ ਮਾਮਲੇ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫੈਸਲੇ ਅਨੁਸਾਰ ਮੁਅੱਤਲਸ਼ੁਦਾ ਵਧੀਕ ਹੈੱਡ ਗ੍ਰੰਥੀ ਭਾਈ ਮਲਕੀਤ ਸਿੰਘ ਨੂੰ ਸੇਵਾਵਾਂ ਤੋਂ ਫਾਰਗ ਕਰਨ ਦੇ ਨਾਲ ਭਾਈ ਅਮਰਜੀਤ ਸਿੰਘ ਵੱਲੋਂ ਵੀਡੀਓ ਰਾਹੀਂ ਸ਼੍ਰੋਮਣੀ ਕਮੇਟੀ ਮੈਂਬਰ ਵਜੋਂ ਦਿੱਤੇ ਅਸਤੀਫ਼ੇ ਨੂੰ ਵੀ ਪ੍ਰਵਾਨ ਕਰ ਲਿਆ ਗਿਆ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਬੀਬੀ ਕਿਥੋਂ ਆਈ ਅਤੇ ਇਸ ਨੂੰ ਕੌਣ ਲੈ ਕੇ ਆਇਆ, ਇਸ ਸਬੰਧੀ ਉਨ੍ਹਾਂ ਨੂੰ ਕੋਈ ਵੀ ਜਾਣਕਾਰੀ ਨਹੀਂ ਹੈ। ਉਨ੍ਹਾਂ ਕਿਹਾ ਕਿ ਇਹ ਬੀਬੀ ਉਨ੍ਹਾਂ ਨੂੰ ਇਕ ਦੋ ਵਾਰ ਮਿਲੀ ਜ਼ਰੂਰ ਹੈ, ਪਰ ਉਸ ਵੱਲੋਂ ਕਿਸੇ ਤਰ੍ਹਾਂ ਦੀ ਅਨੈਤਿਕ ਹਰਕਤ ਹੋਣ ਬਾਰੇ ਮੇਰੇ ਨਾਲ ਕੋਈ ਗੱਲ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਇਹ ਹੋ ਹੀ ਨਹੀਂ ਸਕਦਾ ਕਿ ਮੈਨੂੰ ਅਜਿਹੇ ਮਾਮਲੇ ਬਾਰੇ ਦੱਸਿਆ ਗਿਆ ਹੋਵੇ ਅਤੇ ਮੈਂ ਕਾਰਵਾਈ ਨਾ ਕਰਾਂ। ਉਨ੍ਹਾਂ ਸ਼ੋਸ਼ਲ ਮੀਡੀਆ 'ਤੇ ਕੀਤੇ ਜਾ ਰਹੇ ਪ੍ਰਚਾਰ ਬਾਰੇ ਆਖਿਆ ਕਿ ਇਸ ਦੀ ਇਕ ਮਰਯਾਦਾ ਹੋਣੀ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਵੱਡੀ ਚਿੰਤਾ ਵਾਲੀ ਗੱਲ ਇਹ ਹੈ ਕਿ ਕਿਸੇ ਵੀ ਵਿਅਕਤੀ ਬਾਰੇ ਆਪਣੀ ਮਰਜ਼ੀ ਨਾਲ ਰਾਏ ਬਣਾ ਕੇ ਸ਼ੋਸ਼ਲ ਮੀਡੀਆ 'ਤੇ ਫੈਸਲੇ ਸੁਣਾਏ ਜਾ ਰਹੇ ਹਨ ਅਤੇ ਇਸ ਮਾਮਲੇ ਵਿਚ ਵੀ ਅਜਿਹਾ ਹੀ ਹੋ ਰਿਹਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਮੈਂ ਸੰਗਤ ਨੂੰ ਜਵਾਬਦੇਹ ਹਾਂ ਅਤੇ ਇਸ ਮਾਮਲੇ ਵਿਚ ਜਾਂਚ ਦੀ ਰਿਪੋਰਟ ਆਉਣ ਮਗਰੋਂ ਪੂਰੀ ਪਾਰਦਸ਼ਤਾ ਨਾਲ ਸਾਰੀ ਜਾਣਕਾਰੀ ਸੰਗਤਾਂ ਨਾਲ ਸਾਂਝੀ ਕੀਤੀ ਜਾਵੇਗੀ। ਕਿਉਂਕਿ ਇਹ ਸੰਵੇਦਨਸ਼ੀਲ ਮਾਮਲਾ ਹੈ ਅਤੇ ਇਸ ਵਿਚ ਕਿਸੇ ਵੀ ਵਿਅਕਤੀ ਨਾਲ ਬੇਇਨਸਾਫ਼ੀ ਨਹੀਂ ਹੋਣੀ ਚਾਹੀਦੀ। ਉਨ੍ਹਾਂ ਕਿਹਾ ਕਿ ਪੁਲਿਸ ਦੀ ਪੜਤਾਲ ਵੀ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਹੋਵੇ, ਤਾਂ ਜੋ ਮਾਮਲੇ ਵਿਚ ਇਨਸਾਫ਼ ਹੋ ਸਕੇ।

**ਬਹਿਰੀਨ ਵਾਲੀ ਬੀਬੀ ਦੇ ਮਾਮਲੇ 'ਚ ਹਰਜਿੰਦਰ ਸਿੰਘ ਧਾਮੀ ਨੇ ਤੋੜੀ ਚੁੱਪ, ਆਇਆ ਵੱਡਾ ਬਿਆਨ :** ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਬਹਿਰੀਨ ਵਾਲੀ ਬੀਬੀ ਨਾਲ ਜਬਰ-ਜ਼ਨਾਹ ਵਾਲੇ ਮਾਮਲੇ 'ਤੇ ਚੁੱਪੀ ਤੋੜਦਿਆਂ ਸਪੱਸ਼ਟ ਕੀਤਾ ਹੈ ਕਿ ਉਨ੍ਹਾਂ ਨੂੰ ਇਸ ਮਾਮਲੇ ਬਾਰੇ ਕੋਈ ਜਾਣਕਾਰੀ ਨਹੀਂ ਸੀ। ਧਾਮੀ ਨੇ ਕਿਹਾ ਕਿ ਮੇਰੇ ਉਪਰ ਤਰ੍ਹਾਂ ਤਰ੍ਹਾਂ ਦੇ ਸਵਾਲ ਚੁੱਕੇ ਜਾ ਰਹੇ ਹਨ, ਜਦੋਂ ਇਹ ਮਾਮਲਾ ਮੇਰੇ ਧਿਆਨ ਵਿਚ ਆਇਆ ਮੈਂ ਤੁਰੰਤ ਪ੍ਰਭਾਵ ਨਾਲ ਵਿਭਾਗੀ ਕਾਰਵਾਈ ਸ਼ੁਰੂ ਕਰਵਾਈ, ਜੋ ਹੁਣ ਵੀ ਜਾਰੀ ਹੈ। ਇਸ ਦੀ ਜਾਂਚ ਲਈ ਚਾਰ ਮੈਂਬਰੀ ਕਮੇਟੀ ਬਣਾਈ ਗਈ ਹੈ। ਬਲਦੇਵ ਸਿੰਘ ਕਾਇਮਪੁਰੀ, ਗੁਰਮੀਤ ਸਿੰਘ, ਬੀਬੀ ਗੁਰਿੰਦਰ ਕੌਰ ਤੇ ਗੁਰਬਖਸ਼ ਸਿੰਘ ਖਾਲਸਾ ਨੂੰ ਇਸ ਕਮੇਟੀ ਵਿਚ ਸ਼ਾਮਲ ਕੀਤਾ ਗਿਆ ਹੈ ਅਤੇ ਬਲਵਿੰਦਰ ਸਿੰਘ ਕਾਲਵਾਂ ਨੂੰ ਕੁਆਰਡੀਨੇਟਰ ਬਣਾਇਆ ਗਿਆ ਹੈ। ਇਸ ਤੋਂ ਇਲਾਵਾ ਪ੍ਰਧਾਨ ਧਾਮੀ ਨੇ ਇਹ ਵੀ ਦੱਸਿਆ ਕਿ ਇਸ ਮਾਮਲੇ ਵਿਚ ਅਮਰਜੀਤ ਸਿੰਘ ਚਾਵਲਾ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਵਜੋਂ ਦਿੱਤਾ ਅਸਤੀਫਾ ਪ੍ਰਵਾਨ ਕਰ ਲਿਆ ਗਿਆ ਹੈ ਅਤੇ ਮਲਕੀਤ ਸਿੰਘ ਨੂੰ ਸ਼੍ਰੋਮਣੀ ਕਮੇਟੀ ਦੀ ਸਰਵਿਸ ਤੋਂ ਲਾਂਭੇ ਕਰਦਿਆਂ ਉਸ ਦੀ ਪੱਕੀ ਛੁੱਟੀ ਕਰ ਦਿੱਤੀ ਗਈ ਹੈ। ਇਸ ਦੌਰਾਨ ਉਨ੍ਹਾਂ ਸਾਫ ਕੀਤਾ ਕਿ ਇਕ ਦੋ ਵਾਰ ਉਹ ਉਕਤ ਬੀਬੀ ਨੂੰ ਜ਼ਰੂਰ ਮਿਲੇ ਸਨ ਪਰ ਉਹ ਸਾਫ ਕਰਦੇ ਹਨ ਕਿ ਬੀਬੀ ਕਿੱਥੋਂ ਆਈ, ਕੌਣ ਇਸ ਨੂੰ ਲੈ ਕੇ ਆਇਆ ਇਸ ਦੀ ਜਾਣਕਾਰੀ ਉਨ੍ਹਾਂ ਨੂੰ ਮੁੱਢੋਂ ਨਹੀਂ ਸੀ। ਭਾਵੇਂ ਇਕ ਦੋ ਵਾਰ ਬੀਬੀ ਉਨ੍ਹਾਂ ਨੂੰ ਮਿਲੀ ਸੀ ਪਰ ਉਸ ਨੇ ਕਦੇ ਵੀ ਧੱਕੇਸ਼ਾਹੀ ਦੀ ਕੋਈ ਗੱਲ ਨਹੀਂ ਕੀਤੀ। ਜੇ ਬੀਬੀ ਮੇਰੇ ਕੋਲ ਆ ਕੇ ਕਹਿੰਦੀ ਕਿ ਮੇਰੇ ਨਾਲ ਗਲਤ ਕੰਮ ਹੋਇਆ ਹੈ ਤਾਂ ਹਰਜਿੰਦਰ ਸਿੰਘ ਧਾਮੀ ਕਦੇ ਵੀ ਚੁੱਪ ਰਹਿ ਕੇ ਬਰਦਾਸ਼ਤ ਨਹੀਂ ਸੀ ਕਰ ਸਕਦਾ। ਬੀਬੀ ਨੇ ਅਜਿਹੀ ਕੋਈ ਗੱਲ ਮੇਰੇ ਨਾਲ ਨਹੀਂ ਕੀਤੀ। ਬਾਕੀ ਸਾਰੇ ਮਾਮਲੇ ਦੀ ਜਾਂਚ ਕਮੇਟੀ ਵੱਲੋ ਕੀਤੀ ਜਾ ਰਹੀ ਹੈ, 15 ਦਿਨਾਂ ਦੇ ਅੰਦਰ-ਅੰਦਰ ਕਮੇਟੀ ਜਾਂਚ ਰਿਪੋਰਟ ਦੇਵੇਗੀ, ਜਿਸ ਮਗਰੋਂ ਹੋਰ ਸਵਾਲਾਂ ਦਾ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ

ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)
(ਬੱਕਰਾਂ ਦੇ ਹਾਈ ਕੋਰਟ)

ਮਿਤੀ 1 ਨਵੰਬਰ 2026 ਦਿਨ ਐਤਵਾਰ
ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।


ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ। ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



30 ਅਕਤੂਬਰ 2026 ਦਿਨ ਸ਼ੁੱਕਰਵਾਰ
ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

1 ਨਵੰਬਰ 2026 ਦਿਨ ਐਤਵਾਰ ਨੂੰ
ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137



ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ
6.6.1984
Shaheedi
Sri Darbar Sahib
Amritsar




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

---

ਪੰਥਕ ਸ਼ਬਦੂ ਸਚੀ ਟਕਸਾਲ ॥ ਦਮਦਮੀ ਟਕਸਾਲ

ਨਾਮ ਜਪੋ / ਕਿਰਤ ਕਰੋ / ਵੰਡ ਛਕੋ
Naam Japo / Kirat Karo / Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net

---

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥*

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

## 1 ਨਵੰਬਰ 2026, ਦਿਨ ਐਤਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

**ਨੋਟ : ਇਹ ਸਮਾਗਮ 13 ਦਿਨ ਚੱਲੇਗਾ**

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
**ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470**
**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**
**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

### ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਏ.ਆਈ. ਵਿਸ਼ੇ 'ਤੇ

# 12 ਰੋਜ਼ਾ ਰਿਫ੍ਰੈਸ਼ਰ ਕੋਰਸ ਦਾ ਸ਼ਾਨਦਾਰ ਆਗਾਜ਼



ਤਲਵੰਡੀ ਸਾਬੋ, 22 ਸਤੰਬਰ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਮਨੁੱਖੀ ਸਰੋਤ ਅਤੇ ਵਿਕਾਸ ਕੇਂਦਰ (ਐੱਚ.ਆਰ.ਡੀ.ਸੀ.), ਫੈਕਲਟੀ ਆਫ਼ ਸਾਇੰਸਜ਼, ਹਿਊਮੈਨਟੀਜ਼ ਐਂਡ ਲੈਂਗੁਏਜਿਜ਼ ਵੱਲੋਂ ਮਿਸ਼ਨ ਟੀਚਰ ਟ੍ਰੇਨਿੰਗ ਸੈਂਟਰ ਅਤੇ ਦੀ ਮਹਾਰਾਜਾ ਸਯਾਜੀਰਾਓ ਯੂਨੀਵਰਸਿਟੀ ਆਫ਼ ਬੜੋਦਾ, ਵਡੋਦਰਾ ਦੇ ਸਹਿਯੋਗ ਨਾਲ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ ਵੱਲੋਂ ਪ੍ਰਾਯੋਜਿਤ 'ਉੱਚ ਸਿੱਖਿਆ ਵਿੱਚ ਮਸਨੂਈ ਬੁੱਧੀ (ਆਰਟੀਫਿਸ਼ੀਅਲ ਇੰਟੈਲੀਜੈਂਸ) ਦੇ ਯੋਗਦਾਨ' ਵਿਸ਼ੇ 'ਤੇ 12 ਰੋਜ਼ਾ ਰਿਫ੍ਰੈਸ਼ਰ ਕੋਰਸ ਦਾ ਆਗਾਜ਼ ਕੀਤਾ ਗਿਆ। ਕੋਰਸ ਦਾ ਉਦਘਾਟਨ ਮੁੱਖ ਮਹਿਮਾਨ ਵਾਈਸ ਚਾਂਸਲਰ ਡਾ. ਬਲਰਾਜ ਸਿੰਘ ਨੇ ਕੀਤਾ। ਇਸ ਮੌਕੇ ਪ੍ਰੋ. ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ ਨੇ ਆਪਣੇ ਸਵਾਗਤੀ ਭਾਸ਼ਣ ਵਿੱਚ ਏ.ਆਈ. ਨਾਲ ਸਬੰਧਤ ਭਵਿੱਖਮੁਖੀ ਜਾਣਕਾਰੀ ਸਾਂਝੀ ਕੀਤੀ। ਸਮਾਗਮ ਦੌਰਾਨ ਡਾਇਰੈਕਟਰ ਯੂ.ਜੀ.ਸੀ. ਐੱਮ.ਐੱਮ.ਟੀ.ਟੀ.ਸੀ. ਪ੍ਰੋ. ਆਸ਼ੂਤੋਸ਼ ਬਿਸਵਾਲ, ਪ੍ਰੋ. ਵਾਈਸ ਚਾਂਸਲਰ ਡਾ. ਪੀਯੂਸ਼ ਵਰਮਾ, ਵੱਖ-ਵੱਖ ਵਿਭਾਗਾਂ ਦੇ ਡਾਇਰੈਕਟਰ, ਡੀਨ, ਅਧਿਆਪਕ ਅਤੇ ਲਗਭਗ 60 ਭਾਗੀਦਾਰ ਹਾਜ਼ਰ ਸਨ। ਮੁੱਖ ਮਹਿਮਾਨ ਡਾ. ਬਲਰਾਜ ਸਿੰਘ ਨੇ ਉੱਚ ਸਿੱਖਿਆ ਦੇ ਖੇਤਰ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ ਦੀ ਤੇਜ਼ੀ ਨਾਲ ਬਦਲ ਰਹੀ ਭੂਮਿਕਾ ਬਾਰੇ ਚਾਨਣਾ ਪਾਇਆ। ਉਨ੍ਹਾਂ ਰਿਫ੍ਰੈਸ਼ਰ ਕੋਰਸ ਦੌਰਾਨ ਭਾਗੀਦਾਰਾਂ ਨੂੰ ਧਾਰਨਾਤਮਕ ਸਮਝ, ਵਿਹਾਰਕ ਅਭਿਆਸ ਅਤੇ ਪੇਸ਼ੇਵਰ ਵਿਕਾਸ ਲਈ ਉਪਲਬਧ ਮੌਕਿਆਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਖੋਜ ਦੇ ਖੇਤਰ ਵਿੱਚ ਏ.ਆਈ. ਦੀ ਵਰਤੋਂ, ਸਾਹਿਤ ਸਮੀਖਿਆ, ਅਕਾਦਮਿਕ ਲੇਖਨ, ਖੋਜ ਡਿਜ਼ਾਈਨ, ਡਾਟਾ ਵਿਸ਼ਲੇਸ਼ਣ ਅਤੇ ਵਿਚਾਰਾਂ ਦੇ ਅਦਾਨ-ਪ੍ਰਦਾਨ ਨੂੰ ਉਤਸ਼ਾਹਿਤ ਕਰਨਾ ਸਮੇਂ ਦੀ ਲੋੜ ਹੈ। ਪ੍ਰੋ. ਵਾਈਸ ਚਾਂਸਲਰ ਡਾ. ਜਗਤਾਰ ਸਿੰਘ ਧੀਮਾਨ ਨੇ ਆਪਣੇ ਸੰਬੋਧਨ ਵਿੱਚ ਉੱਚ ਸਿੱਖਿਆ ਸੰਸਥਾਵਾਂ ਵਿੱਚ ਨਵੀਨਤਾ ਅਤੇ ਏ.ਆਈ. ਨੂੰ ਉਤਸ਼ਾਹਿਤ ਕਰਨ ਲਈ ਭਾਗੀਦਾਰਾਂ ਨੂੰ ਜ਼ਿੰਮੇਵਾਰੀ ਅਤੇ ਇਮਾਨਦਾਰੀ ਨਾਲ ਏ.ਆਈ. ਅਪਣਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਵਿੱਚ ਪ੍ਰਭਾਵਸ਼ਾਲੀ ਸਹਿਯੋਗ ਅਤੇ ਨਿਰੰਤਰ ਪੇਸ਼ੇਵਰ ਵਿਕਾਸ ਦੇ ਸੱਭਿਆਚਾਰ ਦੀ ਲੋੜ ਹੈ। ਉਨ੍ਹਾਂ ਅਧਿਆਪਕਾਂ ਨੂੰ ਸਿਰਫ਼ ਏ.ਆਈ. ਟੂਲਜ਼ ਦੀ ਵਰਤੋਂ ਤੱਕ ਸੀਮਿਤ ਨਾ ਰਹਿ ਕੇ ਵਿਚਾਰਸ਼ੀਲ, ਵਿਗਿਆਨਕ ਅਤੇ ਨੈਤਿਕ ਸੋਚ ਅਪਣਾਉਣ ਲਈ ਪ੍ਰੇਰਿਤ ਕੀਤਾ। ਡਾ. ਧੀਮਾਨ ਨੇ ਕਿਹਾ ਕਿ ਏ.ਆਈ. ਅਧਿਆਪਕਾਂ ਦਾ ਬਦਲ ਨਹੀਂ, ਸਗੋਂ ਉਨ੍ਹਾਂ ਦੀ ਵਿਦਿਅਕ ਸਮਰੱਥਾ ਨੂੰ ਹੋਰ ਮਜ਼ਬੂਤ ਕਰਨ ਦਾ ਮਾਧਿਅਮ ਹੈ। ਉਨ੍ਹਾਂ ਕਿਹਾ ਕਿ ਪੁਰਾਤਨ ਭਾਰਤੀ ਗੁਰੂ-ਸ਼ਿਸ਼ਆ ਸਿੱਖਿਆ ਪ੍ਰਣਾਲੀ ਅਤੇ ਏ.ਆਈ. ਵਰਗੀਆਂ ਆਧੁਨਿਕ ਵਿਧਾਵਾਂ ਦਾ ਸੁਮੇਲ ਵਿਦਿਆਰਥੀਆਂ ਨੂੰ ਮਾਨਸਿਕ ਅਤੇ ਬੌਧਿਕ ਪੱਖੋਂ ਪਰਿਪੱਕ ਬਣਾਉਣ ਵਿੱਚ ਸਹਾਇਕ ਹੋ ਸਕਦਾ ਹੈ। ਕੋਰਸ ਦੀ ਕਨਵੀਨਰ ਡਾ. ਕਵਿਤਾ ਬੱਤਰਾ ਅਤੇ ਕੋਆਰਡੀਨੇਟਰ ਡਾ. ਅਮਿਤ ਟੁਟੇਜਾ ਨੇ ਦੱਸਿਆ ਕਿ 12 ਦਿਨ ਚੱਲਣ ਵਾਲੇ ਇਸ ਆਯੋਜਨ ਦੌਰਾਨ ਭਾਰਤ ਦੀਆਂ ਵੱਖ-ਵੱਖ ਯੂਨੀਵਰਸਿਟੀਆਂ ਅਤੇ ਉੱਚ ਸਿੱਖਿਆ ਸੰਸਥਾਵਾਂ ਤੋਂ ਨਾਮਵਰ ਸਿੱਖਿਆ-ਸ਼ਾਸਤਰੀ ਅਤੇ ਵਿਸ਼ਾ ਮਾਹਿਰ ਹਾਈਬ੍ਰਿਡ ਮੋਡ ਰਾਹੀਂ ਆਪਣੇ ਵਿਚਾਰ ਸਾਂਝੇ ਕਰਨਗੇ। ਉਨ੍ਹਾਂ ਦੱਸਿਆ ਕਿ 8 ਅਕਤੂਬਰ ਨੂੰ ਕੋਰਸ ਦੇ ਸਮਾਪਨ ਮੌਕੇ ਦੀ ਮਹਾਰਾਜਾ ਸਯਾਜੀਰਾਓ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਭਾਲਚੰਦਰਾ ਐੱਮ. ਭਾਂਗੇ ਸਮਾਪਨ ਸਮਾਰੋਹ ਦੀ ਪ੍ਰਧਾਨਗੀ ਕਰਨਗੇ। ਇਸ ਮੌਕੇ ਬੁਲਾਰਿਆਂ ਅਤੇ ਭਾਗੀਦਾਰਾਂ ਨੂੰ ਸਰਟੀਫਿਕੇਟ ਅਤੇ ਯਾਦਗਾਰੀ ਚਿੰਨ੍ਹ ਨਾਲ ਸਨਮਾਨਿਤ ਕੀਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

### ਬੀਜੇਪੀ ਦੀ ਨਸ਼ਾ-ਮੁਕਤ ਪੰਜਾਬ ਯਾਤਰਾ ਦਾ ਧੂਰੀ ਪਹੁੰਚਣ 'ਤੇ

# ਗਰਮ ਜੋਸ਼ੀ ਨਾਲ ਸਵਾਗਤ ਕੀਤਾ ਜਾਵੇਗਾ: ਪ੍ਰੋ. ਓਕਾਰ ਸਿੰਘ ਸਿੱਧੂ





**ਧੂਰੀ ( ਰਣਜੀਤ ਸਿੰਘ ਪੇਧਨੀ )**-ਨਸ਼ਾ ਮੁਕਤ ਪੰਜਾਬ ਸਾਡਾ ਸਾਂਝਾ ਸੰਕਲਪ ਪਰੋਗ੍ਰਾਮ ਦੇ ਤਹਿਤ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਪ੍ਰੋਫੈਸਰ ਓਂਕਾਰ ਸਿੰਘ ਸਿੱਧੂ ਦੀ ਅਗਵਾਈ ਦੇ ਹੇਠ 25 ਸਤੰਬਰ ਨੂੰ ਨਸ਼ਾ ਮੁਕਤ ਪੰਜਾਬ ਯਾਤਰਾ ਧੂਰੀ ਪਹੁੰਚਣ ਤੇ ਯਾਤਰਾ ਦਾ ਸਵਾਗਤ ਕਰਨ ਦੇ ਲਈ ਨਸ਼ਾ ਮੁਕਤ ਪੰਜਾਬ ਸਾਡਾ ਸਾਂਝਾ ਸੰਕਲਪ ਦੇ ਪੰਫਲੈਟ ਸ਼ਹਿਰ ਅੰਦਰ ਵੰਡ ਕੇ ਨਸ਼ਿਆਂ ਖਿਲਾਫ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਪ੍ਰੋ. ਓਕਾਰ ਸਿੰਘ ਸਿੱਧੂ ਪ੍ਰਮੁੱਖ ਉਮੀਦਵਾਰ ਹਲਕਾ ਧੂਰੀ ਭਾਰਤੀ ਜਨਤਾ ਪਾਰਟੀ ਨੇ ਕਿਹਾ ਕਿ ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚੋ ਕੱਢਣ ਦੇ ਲਈ ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਅੰਦਰ ਨਸ਼ਿਆਂ ਖਿਲਾਫ ਮੁਹਿੰਮ ਛੇੜ ਕੇ ਪੰਜਾਬ ਨੂੰ ਨਸ਼ਿਆਂ ਵਿੱਚੋਂ ਕੱਢਣ ਦੇ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਉਹਨਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਰਤੀ ਜਨਤਾ ਪਾਰਟੀ ਨਸ਼ਾ ਮੁਕਤ ਪੰਜਾਬ, ਬੇਰੁਜ਼ਗਾਰੀ , ਸਿਹਤ, ਸਿੱਖਿਆ ਨੂੰ ਲੈ ਕੇ ਲੋਕਾਂ ਵਿੱਚ ਜਾਵੇਗੀ ਪੰਜਾਬ ਦੇ ਲੋਕ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਾਉਣ ਨੂੰ ਉਤਾਵਲੇ ਹੋ ਰਹੇ ਹਨ ਕਿਉਂਕਿ ਜੇਕਰ ਪੰਜਾਬ ਦਾ ਭਲਾ ਕਰ ਸਕਦਾ ਹੈ ਤਾਂ ਉਹ ਭਾਰਤੀ ਜਨਤਾ ਪਾਰਟੀ ਸਰਕਾਰ ਹੀ ਕਰ ਸਕਦੀ ਹੈ। ਇਸ ਮੌਕੇ ਮੰਡਲ ਪ੍ਰਧਾਨ ਆਸ਼ੀਸ਼ ਗਰਗ, ਜਿਲ੍ਹਾ ਸਪੋਕਸਮੈਨ ਕ੍ਰਿਸਨ ਗੋਪਾਲ ਨੀਲੂ ਮਿੱਤਲ, ਭੁਪੇਸ ਜਿੰਦਲ,ਪਰਮਜੀਤ ਸਿੰਘ ਭਿੰਦੀ, ਮਿੱਠੂ ਐਮ ਸੀ, ਨਰਪਿੰਦਰ ਸਿੰਘ ਗੋਰਾ, ਅੰਮ੍ਰਿਤ ਬਰਾੜ, ਸੋਨੀ ਵਾਂਗਰੂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪਾਵਨ ਸਰੂਪਾਂ ਦੀ ਆਵਾਜਾਈ ਨੂੰ ਲੈ ਕੇ ਸਰੀ ਵਿੱਚ ਰੋਸ, ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਤੁਰੰਤ ਜਾਂਚ ਦੀ ਮੰਗ




**ਨਵੀਂ ਦਿੱਲੀ 22 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**:- ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿੱਖ ਪੰਥ ਦੇ ਸਦੀਵੀ ਗੁਰੂ ਹਨ ਅਤੇ ਪਾਵਨ ਸਰੂਪਾਂ ਦੀ ਸੰਭਾਲ, ਸਤਿਕਾਰ ਤੇ ਆਵਾਜਾਈ ਸਿੱਖ ਮਰਯਾਦਾ ਅਨੁਸਾਰ ਹੋਣਾ ਸੰਗਤਾਂ ਲਈ ਅਤਿ-ਸੰਵੇਦਨਸ਼ੀਲ ਮਾਮਲਾ ਹੈ। ਸਰੀ ਦੇ ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਸਾਹਿਬ ਨਾਲ ਸਬੰਧਤ ਪਾਵਨ ਸਰੂਪਾਂ ਨੂੰ ਦੂਸਰੇ ਸੂਬਿਆਂ ਵਿੱਚ ਭੇਜਣ ਨੂੰ ਲੈ ਕੇ ਮੁੜ ਗੰਭੀਰ ਸਵਾਲ ਉੱਠੇ ਹਨ। ਸੰਗਤਾਂ ਵੱਲੋਂ ਦੋਸ਼ ਲਗਾਇਆ ਜਾ ਰਿਹਾ ਹੈ ਕਿ ਵੈਨਾਂ ਦੀਆਂ ਡਿੱਗੀਆਂ ਵਿੱਚ ਵਸਤਰ ਵਿਛਾ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਸਰੂਪ ਰੱਖੇ ਗਏ ਅਤੇ ਪੰਜ ਸਿੰਘਾਂ ਦੀ ਮੌਜੂਦਗੀ ਤੋਂ ਬਿਨਾਂ ਡਰਾਈਵਰਾਂ ਰਾਹੀਂ ਵੱਡੀ ਗਿਣਤੀ ਵਿੱਚ ਸਰੂਪ ਲਗਭਗ 4,000 ਕਿਲੋਮੀਟਰ ਦੂਰ ਟੋਰਾਂਟੋ ਤੱਕ ਲਿਜਾਏ ਗਏ। ਇਨ੍ਹਾਂ ਦੋਸ਼ਾਂ ਦੀ ਸੱਚਾਈ ਦੀ ਨਿਰਪੱਖ ਜਾਂਚ ਹੋਣਾ ਹੁਣ ਸੰਗਤਾਂ ਦੀ ਮੁੱਖ ਮੰਗ ਬਣ ਗਈ ਹੈ। ਭੇਜੀ ਗਈ ਜਾਣਕਾਰੀ ਮੁਤਾਬਿਕ ਇਹ ਮਾਮਲਾ ਇਸ ਲਈ ਵੀ ਵਧੇਰੇ ਗੰਭੀਰ ਮੰਨਿਆ ਜਾ ਰਿਹਾ ਹੈ ਕਿਉਂਕਿ ਪਿਛਲੇ ਮਹੀਨਿਆਂ ਦੌਰਾਨ ਸਰੀ ਦੇ ਇਸੇ ਗੁਰਦੁਆਰਾ ਸਾਹਿਬ ਨਾਲ ਸਬੰਧਤ 225 ਪਾਵਨ ਸਰੂਪਾਂ ਨੂੰ ਭਾਰਤ ਤੋਂ ਕੈਨੇਡਾ ਲਿਆਉਣ ਅਤੇ ਉਨ੍ਹਾਂ ਦੀ ਢੋਆ-ਢੁਆਈ ਤੇ ਸੰਭਾਲ ਨੂੰ ਲੈ ਕੇ ਵੀ ਵਿਵਾਦ ਸਾਹਮਣੇ ਆਇਆ ਸੀ। ਵੱਖ-ਵੱਖ ਬੀ.ਸੀ. ਸਿੱਖ ਜਥੇਬੰਦੀਆਂ ਅਤੇ ਗੁਰਦੁਆਰਾ ਪ੍ਰਬੰਧਕਾਂ ਵੱਲੋਂ ਉਸ ਮਾਮਲੇ 'ਤੇ ਸਵਾਲ ਉਠਾਏ ਗਏ ਸਨ ਅਤੇ ਮਾਮਲਾ ਸ੍ਰੀ ਅਕਾਲ ਤਖ਼ਤ ਸਾਹਿਬ ਤੱਕ ਵੀ ਪਹੁੰਚਿਆ ਸੀ। ਹੁਣ ਤਾਜ਼ਾ ਘਟਨਾ ਤੋਂ ਬਾਅਦ ਸੰਗਤਾਂ ਵਿੱਚ ਰੋਸ ਹੋਰ ਵਧ ਗਿਆ ਹੈ ਅਤੇ ਗੁਰਦੁਆਰਾ ਸਿੰਘ ਸਭਾ ਸਰੀ ਦੇ ਬਾਹਰ 24 ਘੰਟੇ ਦਿਨ-ਰਾਤ ਸ਼ਾਂਤਮਈ ਮੋਰਚਾ ਲਗਾਇਆ ਗਿਆ ਹੈ। ਸੰਗਤਾਂ ਦਾ ਕਹਿਣਾ ਹੈ ਕਿ ਪਾਵਨ ਸਰੂਪਾਂ ਦੀ ਆਵਾਜਾਈ ਸਬੰਧੀ ਸਾਰੀ ਪ੍ਰਕਿਰਿਆ, ਜ਼ਿੰਮੇਵਾਰ ਵਿਅਕਤੀਆਂ ਅਤੇ ਮਰਯਾਦਾ ਦੀ ਪਾਲਣਾ ਬਾਰੇ ਤੱਥ ਸੰਗਤ ਸਾਹਮਣੇ ਸਪਸ਼ਟ ਕੀਤੇ ਜਾਣੇ ਚਾਹੀਦੇ ਹਨ। ਸਿੱਖ ਸੰਗਤਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਅਤੇ ਸਬੰਧਤ ਸਿੱਖ ਸੰਸਥਾਵਾਂ ਤੋਂ ਮੰਗ ਕੀਤੀ ਹੈ ਕਿ ਮਾਮਲੇ ਦਾ ਤੁਰੰਤ ਨੋਟਿਸ ਲੈ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਗਵਾਈ ਹੇਠ ਉੱਚ-ਪੱਧਰੀ ਅਤੇ ਨਿਰਪੱਖ ਜਾਂਚ ਕਰਵਾਈ ਜਾਵੇ। ਸੰਗਤਾਂ ਦਾ ਕਹਿਣਾ ਹੈ ਕਿ ਜੇਕਰ ਕਿਸੇ ਪੱਧਰ 'ਤੇ ਮਰਯਾਦਾ ਦੀ ਉਲੰਘਣਾ ਹੋਈ ਹੈ ਤਾਂ ਜ਼ਿੰਮੇਵਾਰੀ ਤੈਅ ਹੋਣੀ ਚਾਹੀਦੀ ਹੈ ਅਤੇ ਜੇਕਰ ਲਗਾਏ ਜਾ ਰਹੇ ਦੋਸ਼ ਤੱਥਾਂ ਤੋਂ ਪਰੇ ਹਨ ਤਾਂ ਉਹ ਵੀ ਸਪਸ਼ਟ ਤੌਰ 'ਤੇ ਸੰਗਤ ਸਾਹਮਣੇ ਰੱਖੇ ਜਾਣ। ਜਦੋਂ ਤੱਕ ਪਾਵਨ ਸਰੂਪਾਂ ਨੂੰ ਗੁਰਦੁਆਰਾ ਸਾਹਿਬ ਤੋਂ ਦੂਸਰੇ ਗੁਰਦੁਆਰਿਆਂ ਵਿੱਚ ਭੇਜਣ ਦੀ ਪ੍ਰਕਿਰਿਆ ਅਤੇ ਇਸ ਮਾਮਲੇ ਦੇ ਸਾਰੇ ਤੱਥ ਸਪਸ਼ਟ ਨਹੀਂ ਹੁੰਦੇ, ਸੰਗਤਾਂ ਵੱਲੋਂ ਸ਼ਾਂਤਮਈ ਢੰਗ ਨਾਲ ਮੋਰਚਾ ਜਾਰੀ ਰੱਖਣ ਦੀ ਗੱਲ ਆਖੀ ਜਾ ਰਹੀ ਹੈ। ਸੰਗਤਾਂ ਦਾ ਸਵਾਲ ਸਪਸ਼ਟ ਹੈ—ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਦੇ ਪਾਵਨ ਸਰੂਪਾਂ ਦੇ ਸਤਿਕਾਰ ਅਤੇ ਮਰਯਾਦਾ ਦੇ ਮਾਮਲੇ ਵਿੱਚ ਕੋਈ ਵੀ ਅਸਪਸ਼ਟਤਾ ਕਿਉਂ ਰਹੇ ? ਹੁਣ ਲੋੜ ਦੋਸ਼ਾਂ ਅਤੇ ਜਵਾਬੀ ਦੋਸ਼ਾਂ ਦੀ ਨਹੀਂ, ਸਗੋਂ ਸੱਚ ਨੂੰ ਜਾਂਚ ਰਾਹੀਂ ਸੰਗਤ ਸਾਹਮਣੇ ਲਿਆਉਣ ਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਨਾ ਪੰਜਾਬ ਵਿਚੋਂ ਨਸ਼ਾ ਖਤਮ ਹੋਇਆ, ਨਾ ਹੀ ਗੈਂਗਸਟਰ: ਸਰਪੰਚ ਹਰਦੀਪ ਸਿੰਘ ਦੌਲਤਪੁਰ



**ਧੂਰੀ ( ਰਣਜੀਤ ਸਿੰਘ ਪੇਧਨੀ )**-ਆਮ ਆਦਮੀ ਪਾਰਟੀ ਨਸ਼ਾ ਤਸਕਰਾਂ ਤੇ ਗੈਂਗਸਟਰਾਂ ਦੀ ਮਦਦ ਨਾਲ ਪੰਜਾਬ ਵਿੱਚ ਮੁੜ ਸਰਕਾਰ ਬਣਾਉਣ ਦੇ ਯਤਨ ਕਰ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾਗਰਸ ਪਾਰਟੀ ਦੇ ਸੀਨੀਅਰ ਆਗੂ ਸਰਪੰਚ ਹਰਦੀਪ ਸਿੰਘ ਦੌਲਤਪੁਰ ਪ੍ਰਮੁੱਖ ਦਾਅਵੇਦਾਰ ਹਲਕਾ ਧੂਰੀ ਨੇ ਕੀਤਾ। ਉਨ੍ਹਾਂ ਕਿਹਾ ਕਿ ਇਸੇ ਕਾਰਨ ਸੂਬੇ ਵਿੱਚੋਂ ਨਾ ਨਸ਼ਾ ਖ਼ਤਮ ਹੋ ਰਿਹਾ ਹੈ ਤੇ ਨਾ ਹੀ ਗੈਂਗਸਟਰਵਾਦ 'ਤੇ ਲਗਾਮ ਲੱਗ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਅਜਿਹੀਆਂ ਧਮਕੀਆਂ ਤੋਂ ਡਰਨ ਵਾਲੇ ਨਹੀਂ ਹਨ ਤੇ ਆਉਣ ਵਾਲੀਆਂ ਚੋਣਾਂ ਵਿੱਚ ਇਸ ਦਾ ਜਵਾਬ ਦੇਣਗੇ। ਪੰਜਾਬ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ ਅਖ਼ਬਾਰਾਂ, ਟੈਲੀਵਿਜ਼ਨ ਅਤੇ ਸੋਸ਼ਲ ਮੀਡੀਆ ਤੱਕ ਹੀ ਸੀਮਤ ਹੈ, ਜਦਕਿ ਜ਼ਮੀਨੀ ਪੱਧਰ 'ਤੇ ਸਥਿਤੀ ਵੱਖਰੀ ਹੈ। ਉਨ੍ਹਾਂ ਕਿਹ ਕਿ ਆਨੰਦਪੁਰ ਸਾਹਿਬ ਵਿਖੇ ਇੱਕ ਔਰਤ ਨਾਲ ਕਥਿਤ ਬਲਾਤਕਾਰ ਦੇ ਮਾਮਲਾ ਇਹ ਬੇਹੱਦ ਸ਼ਰਮਨਾਕ ਘਟਨਾ ਹੈ। ਉਨ੍ਹਾਂ ਕਿਹਾ ਕਿ ਪੀੜਤ ਮਹਿਲਾ ਕਈ ਦਿਨ ਪੁਲਿਸ ਕੋਲ ਚੱਕਰ ਕੱਟਦੀ ਰਹੀ ਅਤੇ ਦਬਾਅ ਤੋਂ ਬਾਅਦ ਐੱਫ.ਆਈ.ਆਰ. ਦਰਜ ਹੋਣ ਦੇ ਬਾਵਜੂਦ ਲੰਬੇ ਸਮੇਂ ਤੱਕ ਮਾਮਲਾ ਜਨਤਕ ਤਕ ਨਹੀਂ ਕੀਤਾ ਗਿਆ। ਮੁੱਖ ਮੰਤਰੀ, ਜੋ ਸੂਬੇ ਦੇ ਗ੍ਰਹਿ ਮੰਤਰੀ ਵੀ ਹਨ, ਇਸ ਪੂਰੇ ਮਾਮਲੇ ਬਾਰੇ ਜਨਤਕ ਤੌਰ 'ਤੇ ਸਪੱਸ਼ਟੀਕਰਨ ਦੇਣ।

ਆਵਾਜ਼ਿ ਕੌਮ AWAZE QAUM International Newspaper & WEB TV

### ‘ਆਪ’ ਸਰਕਾਰ ਨੇ ਨਸ਼ਾ ਮੁਕਤ ਪੰਜਾਬ ਦਾ ਵਾਅਦਾ ਕਰਕੇ

# ਨੌਜਵਾਨੀ ਨਾਲ ਧੋਖਾ ਕੀਤਾ: ਸਰਦਾਰ ਬਲਦੇਵ ਸਿੰਘ ਔਲਖ

- ਨਸ਼ਾ ਮੁਕਤ ਪੰਜਾਬ ਯਾਤਰਾ ਨੂੰ ਮਿਲ ਰਿਹਾ ਭਰਵਾਂ ਹੁੰਗਾਰਾ; ਪੰਜਾਬ ਦੀ ਜਵਾਨੀ ਬਚਾਉਣ ਲਈ ਲੋਕ ਭਾਜਪਾ ਨਾਲ ਡਟੇ
- ਨਸ਼ਿਆਂ ਨੇ ਪੰਜਾਬ ਦੀਆਂ ਤਿੰਨ ਪੀੜ੍ਹੀਆਂ ਤਬਾਹ ਕੀਤੀਆਂ, ‘ਆਪ’ ਸਰਕਾਰ ਨੇ ਸਾਢੇ ਚਾਰ ਸਾਲਾਂ ਵਿੱਚ ਸਿਰਫ਼ ਦਾਅਵੇ ਕੀਤੇ: ਮਨਪ੍ਰੀਤ ਸਿੰਘ ਬਾਦਲ
- ਨਸ਼ਾ ਮੁਕਤ ਪੰਜਾਬ ਲਈ ਸਪਲਾਈ ਚੇਨ ਤੋੜਨਾ, ਨਸ਼ਾ ਪੀੜਤਾਂ ਦਾ ਇਲਾਜ ਅਤੇ ਨੌਜਵਾਨਾਂ ਨੂੰ ਰੁਜ਼ਗਾਰ ਦੇਣਾ—ਭਾਜਪਾ ਦੀ ਤਿੰਨ-ਪੱਖੀ ਰਣਨੀਤੀ









**ਡੇਰਾ ਬਾਬਾ ਨਾਨਕ/ਧਿਆਨਪੁਰ, 22 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਉੱਤਰ ਪ੍ਰਦੇਸ਼ ਦੇ ਖੇਤੀਬਾੜੀ ਮੰਤਰੀ ਸਰਦਾਰ ਬਲਦੇਵ ਸਿੰਘ ਔਲਖ ਨੇ ਕਿਹਾ ਕਿ ਪੰਜਾਬ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢਣਾ ਪੰਜਾਬ ਦੀ ਜਵਾਨੀ, ਪਰਿਵਾਰਾਂ ਅਤੇ ਭਵਿੱਖ ਨੂੰ ਬਚਾਉਣ ਦੀ ਲੜਾਈ ਹੈ। ‘ਨਸ਼ਾ ਮੁਕਤ ਪੰਜਾਬ ਯਾਤਰਾ’ ਨੂੰ ਮਿਲ ਰਿਹਾ ਹੁੰਗਾਰਾ ਦਰਸਾਉਂਦਾ ਹੈ ਕਿ ਲੋਕ ਨਸ਼ਿਆਂ ਵਿਰੁੱਧ ਠੋਸ ਅਤੇ ਨਿਰਣਾਇਕ ਕਾਰਵਾਈ ਚਾਹੁੰਦੇ ਹਨ। ਡੇਰਾ ਬਾਬਾ ਨਾਨਕ ਅਤੇ ਕੋਟਲੀ ਸੂਰਤ ਮੱਲੀ ਵਿਖੇ ਜਸਦੀਪ ਸਿੰਘ ਰੰਧਾਵਾ ਅਤੇ ਵਿਜੈ ਸੋਨੀ ਵੱਲੋਂ ਕਰਵਾਈਆਂ ਰੈਲੀਆਂ ਦੌਰਾਨ ਸਰਦਾਰ ਔਲਖ ਨੇ ਕਿਹਾ ਕਿ ‘ਆਪ’ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਕੁਝ ਮਹੀਨਿਆਂ ਵਿੱਚ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੇ ਦਾਅਵੇ ਕੀਤੇ ਸਨ। ਸਾਢੇ ਚਾਰ ਸਾਲ ਬਾਅਦ ਵੀ ਨਸ਼ਿਆਂ ਦੀ ਸਮੱਸਿਆ ਕਾਇਮ ਰਹਿਣ ’ਤੇ ਸਰਕਾਰ ਨੂੰ ਆਪਣੇ ਵਾਅਦਿਆਂ ਦਾ ਹਿਸਾਬ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਐਲਾਨਾਂ ਅਤੇ ਇਸ਼ਤਿਹਾਰਾਂ ਦੀ ਥਾਂ ਹੁਣ ਨਸ਼ਾ ਤਸਕਰੀ ਦੀ ਪੂਰੀ ਲੜੀ ’ਤੇ ਕਾਰਵਾਈ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਵੱਡੇ ਤਸਕਰਾਂ, ਸਪਲਾਇਰਾਂ, ਵਿੱਤੀ ਸਰੋਤਾਂ ਅਤੇ ਗੈਂਗ ਨੈੱਟਵਰਕਾਂ ’ਤੇ ਕਾਨੂੰਨ ਅਨੁਸਾਰ ਪ੍ਰਭਾਵਸ਼ਾਲੀ ਕਾਰਵਾਈ ਕੀਤੇ ਬਿਨਾਂ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣਾ ਮੁਸ਼ਕਲ ਹੈ। ਪੁਲਿਸ ਮੁਲਾਜ਼ਮ ਆਪਣੀ ਡਿਊਟੀ ਨਿਭਾ ਰਹੇ ਹਨ, ਪਰ ਉਨ੍ਹਾਂ ਨੂੰ ਪ੍ਰਸ਼ਾਸਨਿਕ ਸਹਿਯੋਗ ਅਤੇ ਬਿਨਾਂ ਸਿਆਸੀ ਦਬਾਅ ਦੇ ਕਾਰਵਾਈ ਦਾ ਮਾਹੌਲ ਮਿਲਣਾ ਚਾਹੀਦਾ ਹੈ। ਸਰਦਾਰ ਔਲਖ ਨੇ ਕਿਹਾ ਕਿ ਪੰਜਾਬ ਦੀ ਪਹਿਚਾਣ ਖੇਡਾਂ, ਮਿਹਨਤ, ਬਹਾਦਰੀ ਅਤੇ ਖੁਸ਼ਹਾਲੀ ਨਾਲ ਰਹੀ ਹੈ। ਨਸ਼ਿਆਂ ਵਿਰੁੱਧ ਲੜਾਈ ਨੂੰ ਸਮਾਜਿਕ ਅਤੇ ਕਾਨੂੰਨੀ ਦੋਵੇਂ ਪੱਧਰਾਂ ’ਤੇ ਮਜ਼ਬੂਤ ਕਰਕੇ ਪੰਜਾਬ ਦੀ ਜਵਾਨੀ ਨੂੰ ਮੁੜ ਵਿਕਾਸ ਦੀ ਧਾਰਾ ਨਾਲ ਜੋੜਨਾ ਹੋਵੇਗਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਵੱਲੋਂ ਨਸ਼ਾ ਮੁਕਤ ਭਾਰਤ ਦੇ ਸੰਕਲਪ ਤਹਿਤ ਭਾਜਪਾ ਪੰਜਾਬ ਵਿੱਚ ਵੀ ਨਸ਼ਿਆਂ ਵਿਰੁੱਧ ਜਾਗਰੂਕਤਾ ਅਤੇ ਕਾਰਵਾਈ ਦੇ ਮੁੱਦੇ ਨੂੰ ਉਠਾ ਰਹੀ ਹੈ। ਭਾਜਪਾ ਦੇ ਕੌਮੀ ਮੀਤ ਪ੍ਰਧਾਨ ਅਤੇ ਸਾਬਕਾ ਮੰਤਰੀ ਸ੍ਰੀ ਮਨਪ੍ਰੀਤ ਸਿੰਘ ਬਾਦਲ ਨੇ ਕਿਹਾ ਕਿ ਨਸ਼ਿਆਂ ਨੇ ਪੰਜਾਬ ਦੀਆਂ ਪੀੜ੍ਹੀਆਂ ਨੂੰ ਭਾਰੀ ਨੁਕਸਾਨ ਪਹੁੰਚਾਇਆ ਹੈ। ਉਨ੍ਹਾਂ ਕਿਹਾ ਕਿ ਜਿਸ ਸਰਕਾਰ ਨੇ ਪੰਜਾਬ ਨੂੰ ਕੁਝ ਮਹੀਨਿਆਂ ਵਿੱਚ ਨਸ਼ਾ ਮੁਕਤ ਕਰਨ ਦੀ ਗਾਰੰਟੀ ਦਿੱਤੀ ਸੀ, ਉਸ ਨੂੰ ਹੁਣ ਆਪਣੇ ਕਾਰਜਕਾਲ ਦੇ ਨਤੀਜਿਆਂ ਬਾਰੇ ਜਵਾਬ ਦੇਣਾ ਚਾਹੀਦਾ ਹੈ। ਪੰਜਾਬ ਦੀ ਜਵਾਨੀ ਦੀ ਬਰਬਾਦੀ ਨੂੰ ਸਿਰਫ਼ ਬਿਆਨਾਂ ਨਾਲ ਨਹੀਂ ਰੋਕਿਆ ਜਾ ਸਕਦਾ। ਭਾਜਪਾ ਦੇ ਸੂਬਾਈ ਜਨਰਲ ਸਕੱਤਰ ਰਜਨੀਸ਼ ਧਿਮਾਨ ਨੇ ਕਿਹਾ ਕਿ ਨਸ਼ਿਆਂ ਦੀ ਲੜਾਈ ਨਸ਼ਾ ਪੀੜਤ ਨੌਜਵਾਨਾਂ ਵਿਰੁੱਧ ਨਹੀਂ, ਸਗੋਂ ਤਸਕਰਾਂ, ਸਪਲਾਇਰਾਂ ਅਤੇ ਪੂਰੇ ਨੈੱਟਵਰਕ ਵਿਰੁੱਧ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ, “ਸਾਡੀਆਂ ਅੱਖਾਂ ਦੇ ਸਾਹਮਣੇ ਕੋਈ ਸਾਡੇ ਬੱਚਿਆਂ ਨੂੰ ਜ਼ਿਹਰ ਦੇਵੇ ਅਤੇ ਅਸੀਂ ਵੇਖਦੇ ਰਹੀਏ—ਇਹ ਨਹੀਂ ਹੋ ਸਕਦਾ।” ਭਾਜਪਾ ਪੰਜਾਬ ਦੇ ਮੀਤ ਪ੍ਰਧਾਨ ਅਤੇ ਯਾਤਰਾ ਕੋਆਰਡੀਨੇਟਰ ਸਰਦਾਰ ਰਵੀਕਰਨ ਸਿੰਘ ਕਾਹਲੋਂ ਨੇ ਕਿਹਾ ਕਿ ਨਸ਼ਾ ਮੁਕਤ ਪੰਜਾਬ ਲਈ ਤਿੰਨ ਮੋਰਚਿਆਂ ’ਤੇ ਕੰਮ ਕਰਨਾ ਜ਼ਰੂਰੀ ਹੈ—ਸਪਲਾਈ ਚੇਨ ਤੋੜਨਾ, ਨਸ਼ਾ ਪੀੜਤਾਂ ਦਾ ਪ੍ਰਭਾਵਸ਼ਾਲੀ ਇਲਾਜ ਤੇ ਪੁਨਰਵਾਸ ਅਤੇ ਨੌਜਵਾਨਾਂ ਲਈ ਰੁਜ਼ਗਾਰ, ਖੇਡਾਂ ਤੇ ਸਿਹਤਮੰਦ ਮੌਕੇ ਪੈਦਾ ਕਰਨਾ। ਉਨ੍ਹਾਂ ਕਿਹਾ, “ਨੌਜਵਾਨ ਦੇ ਹੱਥ ਵਿੱਚ ਨਸ਼ਾ ਨਹੀਂ, ਰੁਜ਼ਗਾਰ ਹੋਵੇ; ਨਿਰਾਸ਼ਾ ਨਹੀਂ, ਸੁਪਨੇ ਹੋਣ; ਨਸ਼ਾ ਤਸਕਰਾਂ ਦਾ ਡਰ ਨਹੀਂ, ਕਾਨੂੰਨ ਦਾ ਰਾਜ ਹੋਵੇ।” ਭਾਜਪਾ ਪੰਜਾਬ ਦੀ ਮੀਤ ਪ੍ਰਧਾਨ ਬੀਬੀ ਅਮਨਜੋਤ ਕੌਰ ਰਾਮੂਵਾਲੀਆ ਨੇ ਕਿਹਾ ਕਿ ‘ਨਸ਼ਾ ਮੁਕਤ ਪੰਜਾਬ ਯਾਤਰਾ’ ਪੰਜਾਬ ਦੀ ਜਵਾਨੀ ਅਤੇ ਨਸ਼ੇ ਤੋਂ ਪੀੜਤ ਪਰਿਵਾਰਾਂ ਦੀ ਆਵਾਜ਼ ਬਣ ਰਹੀ ਹੈ। ਉਨ੍ਹਾਂ ਲੋਕਾਂ ਨੂੰ ਇਸ ਮੁੱਦੇ ’ਤੇ ਸਮਾਜਿਕ ਤੌਰ ’ਤੇ ਇਕਜੁੱਟ ਹੋਣ ਦੀ ਅਪੀਲ ਕੀਤੀ। ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਬਘੇਲ ਸਿੰਘ ਬਾਹੀਆ ਨੇ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾ ਕੇ ਉਸਦੀ ਊਰਜਾ ਨੂੰ ਸੂਬੇ ਅਤੇ ਦੇਸ਼ ਦੀ ਤਰੱਕੀ ਨਾਲ ਜੋੜਨਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰੀ ਦੇ ਨੈੱਟਵਰਕ ਨੂੰ ਤੋੜਨਾ ਇਸ ਲੜਾਈ ਦਾ ਕੇਂਦਰੀ ਹਿੱਸਾ ਹੈ। ਇਸ ਮੌਕੇ ਜਸਦੀਪ ਸਿੰਘ ਰੰਧਾਵਾ, ਪਰਮੀਤ ਸਿੰਘ ਬੇਦੀ, ਪਰਮਿੰਦਰ ਸਿੰਘ ਘਣੀਆਂ, ਵਿਜੈ ਸੋਨੀ, ਹਰਵਿੰਦਰ ਸਿੰਘ ਸੰਧੂ, ਕਮਲ ਜੋਤੀ ਅਤੇ ਪ੍ਰਦੀਪ ਸਮੇਤ ਹੋਰ ਆਗੂ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਪ੍ਰਿੰਸੀਪਲ ਕੁਲਵੰਤ ਸਿੰਘ ਅਣਖੀ ਸਰਪ੍ਰਸਤ ਅੰਮ੍ਰਿਤਸਰ ਵਿਕਾਸ ਮੰਚ ਨੂੰ ਪੰਜਾਬੀ ਸਾਹਿਤ ਸਭਾ ਤਰਸਿੱਕਾ ਨੇ ਕੀਤਾ ਸਨਮਾਨਿਤ



**ਚੌਕ ਮਹਿਤਾ, 22 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਪ੍ਰਿੰਸੀਪਲ ਕੁਲਵੰਤ ਸਿੰਘ ਅਣਖੀ ਸਰਪ੍ਰਸਤ ਅੰਮ੍ਰਿਤਸਰ ਵਿਕਾਸ ਮੰਚ ਨੂੰ ਉਨ੍ਹਾਂ ਵਲੋਂ ਨਿਭਾਈਆਂ ਸ਼ਾਨਦਾਰ ਸੇਵਾਵਾਂ ਲਈ ਪੰਜਾਬੀ ਸਹਿਤ ਸਭਾ ਤਰਸਿੱਕਾ (ਅੰਮ੍ਰਿਤਸਰ) ਵਲੋਂ ਇਕ ਸ਼ਾਨਦਾਰ ਸਨਮਾਨ ਸਮਾਰੋਹ ਕਰਕੇ ਕਸਬਾ ਪੁਲ ਨਹਿਰ ਤਰਸਿੱਕਾ ਦੇ ਓ. ਵੀ. ਐੱਨ. ਪਬਲਿਕ ਸਕੂਲ ਵਿਖੇ ਵਿਖੇ ਸਨਮਾਨਿਤ ਕੀਤਾ ਗਿਆ। ਪ੍ਰਧਾਨਗੀ ਮੰਡਲ ’ਚ ਪ੍ਰਿੰ: ਕੁਲਵੰਤ ਸਿੰਘ ਅਣਖੀ, ਸ਼ੇਲਿੰਦਰਜੀਤ ਸਿੰਘ ਰਾਜਨ ਬਾਬਾ ਬਕਾਲਾ ਮੀਤ ਪ੍ਰਧਾਨ ਕੇਂਦਰੀ ਪੰਜਾਬੀ ਲੇਖਕ ਸਭਾ, ਦੀਪ ਦਵਿੰਦਰ ਸਿੰਘ ਦਫਤਰ ਸਕੱਤਰ ਕੇਂਦਰੀ ਪੰਜਾਬੀ ਲੇਖਕ ਸਭਾ, ਮਾਸਟਰ ਗੁਰਮੀਤ ਸਿੰਘ ਡੇਹਰੀਵਾਲ, ਸਰਪ੍ਰਸਤ ਬਲਜਿੰਦਰ ਸਿੰਘ ਮਾਂਗਟ ਪ੍ਰਧਾਨ ਤੇ ਅਤਰ ਸਿੰਘ ਤਰਸਿੱਕਾ ਸੁਸ਼ੋਭਤ ਸਨ । ਇਸ ਮੌਕੇ ਬਲਜਿੰਦਰ ਸਿੰਘ ਮਾਂਗਟ ਪ੍ਰਧਾਨ ਪੰਜਾਬੀ ਸਾਹਿਤ ਸਭਾ ਤੇ ਤਰਸਿੱਕਾ ਨੇ ਪ੍ਰਿੰ: ਕੁਲਵੰਤ ਸਿੰਘ ਅਣਖੀ ਬਾਰੇ ਉਨ੍ਹਾਂ ਵਲੋਂ ਅੰਮ੍ਰਿਤਸਰ ਵਿਕਾਸ ਮੰਚ ਲਈ ਨਿਭਾਈਆਂ ਸ਼ਾਨਦਾਰ ਸੇਵਾਵਾਂ ਦੀ ਭਰਪੂਰ ਸਲਾਘਾ ਕੀਤੀ। ਉਨ੍ਹਾਂ ਨੂੰ ਸਨਮਾਨਿਤ ਕਰਦਿਆਂ ਮੋਮੈਂਟੋ ਤੇ ਸਿਰੋਪਾਓ ਦੇ ਕੇ ਪੰਜਾਬੀ ਸਾਹਿਤ ਸਭਾ ਤਰਸਿੱਕਾ ਦੇ ਪ੍ਰਮੁੱਖ ਅਹੁਦੇਦਾਰਾਂ ਨੇ ਸਨਮਾਨਿਤ ਕੀਤਾ। ਇਸ ਮੌਕੇ ਕਵੀ ਦਰਬਾਰ ਵੀ ਕਰਵਾਇਆ ਗਿਆ ਜਿਸ ਵਿਚ ਪ੍ਰੋ: ਰਾਜਵਿੰਦਰ ਸਿੰਘ ਅੰਮ੍ਰਿਤਸਰ, ਰਾਜਬੀਰ ਕੌਰ ਬੀਰ ਗਰੇਵਾਲ, ਕਵਲਪ੍ਰੀਤ ਕੌਰ ਥਿੰਦ ਜੁਦਾ ਨਵਜੋਤ ਬਾਜਵਾ ਨਵਜੋਤ ਭੁੱਲਰ, ਜਗਨਨਾਥ ਨਿਮਾਣਾ, ਰਮੇਸ਼ ਜਾਨੂੰ, ਲਖਵਿੰਦਰ ਸਿੰਘ ਉੱਪਲ, ਜਸਬੀਰ ਸਿੰਘ ਝਬਾਲ, ਅਜੈਬ ਸਿੰਘ ਬੋਦੇਵਾਲ, ਸਕੱਤਰ ਸਿੰਘ ਪੁਰੇਵਾਲ, ਜਸਵੰਤ ਧਾਪ, ਸਰਬਜੀਤ ਸਿੰਘ ਸੰਧੂ, ਡਾ: ਭੁਪਿੰਦਰ ਸਿੰਘ ਫੇਰੂਮਾਨ, ਡਾ: ਮੋਹਨ ਬੇਗੋਵਾਲ, ਹਰਮੀਤ ਆਰਟਿਸਟ ਅਵਤਾਰ ਸਿੰਘ ਮਾਂਗਟ, ਸੁਰਿੰਦਰ ਖਿਲਚੀਆਂ, ਜਸਵੰਤ ਹਾਂਸ ਬਟਾਲਾ, ਗੁਰਦਿਆਲ ਸਿੰਘ ਰੁਮਾਣਾ ਚੱਕ, ਰਾਜਵਿੰਦਰ ਕੌਰ ਅੰਮ੍ਰਿਤਸਰ, ਪ੍ਰਿੰ: ਬਚਿੱਤਰ ਸਿੰਘ ਤਰਸਿੱਕਾ, ਬਲਕਾਰ ਸਿੰਘ ਚੇਅਰਮੈਨ, ਮਨਜੀਤ ਸਿੰਘ ਵੱਸੀ, ਰਾਜਵਿੰਦਰ ਕੌਰ ਅੰਮ੍ਰਿਤਸਰ, ਮਹਿੰਦਰਪਾਲ ਸਿੰਘ ਮਾਹੀ, ਮਾਨ ਸਿੰਘ ਗਿੱਲ ਤਰਸਿੱਕਾ, ਮਾ: ਸੁਲਤਾਨ ਸਿੰਘ, ਮਾ: ਮੁਖਤਾਰ ਸਿੰਘ, ਮਾ: ਸੁਰਜੀਤ ਸਿੰਘ, ਜਸਬੀਰ ਸਿੰਘ ਮੱਲ੍ਹੀ ਡੀ. ਐੱਸ. ਪੀ. ਮੱਤੇਵਾਲ, ਬਲਕਾਰ ਸਿੰਘ ਤਰਸਿੱਕਾ ਚੇਅਰਮੈਨ, ਜਗਬੀਰ ਸਿੰਘ ਲਾਲੀ ਯੋਧਾ ਨਗਰੀ ਤੇ ਸੀਤਲ ਸਿੰਘ ਸਰਪੰਚ, ਹੌਲਦਾਰ ਹਰਦਿਆਲ ਸਿੰਘ ਤਰਸਿੱਕਾ ਤੇ ਪਾਲ ਸਿੰਘ ਫੌਜੀ ਆਦਿ ਕਵੀਆਂ ਨੇ ਆਪਣੀਆਂ ਰਚਨਾਵਾਂ ਰਾਹੀਂ ਸਰੋਤਿਆਂ ਦਾ ਮਨੋਰੰਜਨ ਕੀਤਾ। ਮੰਚ ਸੰਚਾਲਨ ਦੀ ਜ਼ਿੰਮੇਵਾਰੀ ਡਾ. ਰਾਜਬੀਰ ਕੌਰ ਬੀਰ ਗਰੇਵਾਲ ਨੇ ਬਾਖ਼ੂਬੀ ਨਿਭਾਈ।

ਆਵਾਜ਼ਿ ਕੌਮ AWAZE QAUM International Newspaper & WEB TV

## ਪਿੰਡ ਰਸੂਲਪੁਰ ਕਲਾਂ ਵਿੱਚ ਘਰ-ਘਰ ਪਹੁੰਚ ਕੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ.ਟੀ.ਓ ਨੇ ਲੋਕਾਂ ਨੂੰ ਸਰਕਾਰ ਦੀਆਂ ਭਲਾਈ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ

### 454 ਪਰਿਵਾਰਾਂ ਨੂੰ ‘ਮੁੱਖ ਮੰਤਰੀ ਸਿਹਤ ਯੋਜਨਾ’ ਤਹਿਤ ਸਿਹਤ ਕਾਰਡ ਵੀ ਵੰਡੇ



**ਜੰਡਿਆਲਾ ਗੁਰੂ, 22 ਸਤੰਬਰ (ਕੁਲਵੰਤ ਸਿੰਘ ਵਿਰਦੀ)**-ਲੋਕ ਨਿਰਮਾਣ ਮੰਤਰੀ ਸ੍ਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਰਸੂਲਪੁਰ ਕਲਾਂ ਵਿਖੇ ‘ਮੁਨਾਫੇ ਮਾਨ ਦੇ’ ਮੁਹਿੰਮ ਤਹਿਤ ਘਰ-ਘਰ ਜਾ ਕੇ ਲੋਕਾਂ ਨੂੰ ਪੰਜਾਬ ਸਰਕਾਰ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਵੱਖ-ਵੱਖ ਭਲਾਈ ਯੋਜਨਾਵਾਂ ਅਤੇ ਉਨ੍ਹਾਂ ਦੇ ਲਾਭਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਉਨ੍ਹਾਂ ਪਿੰਡ ਦੇ 454 ਲਾਭਪਾਤਰੀ ਪਰਿਵਾਰਾਂ ਨੂੰ ‘ਮੁੱਖ ਮੰਤਰੀ ਸਿਹਤ ਯੋਜਨਾ’ ਤਹਿਤ ਬਣੇ ਸਿਹਤ ਕਾਰਡ ਵੀ ਵੰਡੇ।ਇਸ ਮੌਕੇ ਸ੍ਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਵੱਖ-ਵੱਖ ਭਲਾਈ ਯੋਜਨਾਵਾਂ ਲਾਗੂ ਕਰਕੇ ਸੂਬਾ ਵਾਸੀਆਂ ਨੂੰ ਆਰਥਿਕ ਰਾਹਤ ਅਤੇ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਪਰਾਲੇ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਦਾ ਲਾਭ ਹਰੇਕ ਯੋਗ ਪਰਿਵਾਰ ਤੱਕ ਪਹੁੰਚਾਉਣ ਲਈ ਘਰ-ਘਰ ਜਾ ਕੇ ਲੋਕਾਂ ਨੂੰ ਜਾਣਕਾਰੀ ਦਿੱਤੀ ਜਾ ਰਹੀ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ 300 ਯੂਨਿਟ ਪ੍ਰਤੀ ਮਹੀਨਾ ਮੁਫ਼ਤ ਬਿਜਲੀ ਦੀ ਸਹੂਲਤ ਨਾਲ 90 ਫੀਸਦੀ ਤੋਂ ਵੱਧ ਘਰੇਲੂ ਖਪਤਕਾਰਾਂ ਨੂੰ ਬਿਜਲੀ ਦੇ ਬਿੱਲ ਜ਼ੀਰੋ ਆ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਮਾਵਾਂ-ਧੀਆਂ ਨੂੰ ਵੀ ਆਰਥਿਕ ਸਹਾਇਤਾ ਮੁਹੱਈਆ ਕਰਵਾਉਣ ਸਮੇਤ ਵੱਖ-ਵੱਖ ਲੋਕ ਭਲਾਈ ਸਕੀਮਾਂ ਚਲਾਈਆਂ ਜਾ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ‘ਮੁੱਖ ਮੰਤਰੀ ਸਿਹਤ ਯੋਜਨਾ’ ਤਹਿਤ ਪਰਿਵਾਰਾਂ ਨੂੰ 10 ਲੱਖ ਰੁਪਏ ਤੱਕ ਦੇ ਇਲਾਜ ਦੀ ਸਹੂਲਤ ਦੇਣ ਦਾ ਪ੍ਰਬੰਧ ਕੀਤਾ ਗਿਆ ਹੈ। ਸਿਹਤ ਕਾਰਡ ਰਾਹੀਂ ਲਾਭਪਾਤਰੀ ਪਰਿਵਾਰ ਸਰਕਾਰੀ ਹਸਪਤਾਲਾਂ ਅਤੇ ਯੋਜਨਾ ਨਾਲ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਇਲਾਜ ਦੀ ਸਹੂਲਤ ਪ੍ਰਾਪਤ ਕਰ ਸਕਣਗੇ। ਯੋਜਨਾ ਸਬੰਧੀ ਸਹਾਇਤਾ ਲਈ 104 ਹੈਲਪਲਾਈਨ ਦੀ ਸਹੂਲਤ ਵੀ ਉਪਲਬਧ ਹੈ।ਸ੍ਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਸਰਕਾਰ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਆਰਥਿਕ ਤੌਰ ’ਤੇ ਕਮਜ਼ੋਰ ਪਰਿਵਾਰਾਂ ਨੂੰ ਇਲਾਜ ਕਰਵਾਉਣ ਸਮੇਂ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਲੋਕਾਂ ਨੂੰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਭਲਾਈ ਅਤੇ ਸਿਹਤ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਆਗਮਨ ਪੁਰਬ 'ਤੇ ਵਿਸ਼ੇਸ਼

# ਬਾਬਾ ਸ਼ੇਖ ਫਰੀਦ ਜੀ




**ਫਰੀਦ** ਜੀ ਦਾ ਜਨਮ 12ਵੀਂ ਸਦੀ 'ਚ ਪਿੰਡ ਕੋਠੀਵਾਲ ਜ਼ਿਲ੍ਹਾ ਮੁਲਤਾਨ (ਪਾਕਿਸਤਾਨ) ਵਿਖੇ ਸ਼ੇਖ ਜਮਾਲੂਦੀਨ ਸੁਲੇਮਾਨ ਅਤੇ ਬੀਬੀ ਮਰੀਅਮ ਦੇ ਘਰ ਹੋਇਆ। ਫ਼ਰੀਦ ਜੀ ਬਚਪਨ 'ਚ ਹੀ ਆਪਣੇ ਪਿਤਾ ਸ਼ੇਖ ਜਮਾਲੂਦੀਨ ਸੁਲੇਮਾਨ ਦੇ ਪਿਆਰ ਤੋਂ ਮਰਹੂਮ ਹੋ ਗਏ। ਮਾਤਾ ਬੀਬੀ ਮਰੀਅਮ ਨੇ ਹੀ ਉਨ੍ਹਾਂ ਨੂੰ ਪਾਲ ਕੇ ਧਾਰਮਿਕ ਵਿਦਿਆ ਪ੍ਰਾਪਤੀ ਲਈ ਮੁਲਤਾਨ ਭੇਜਿਆ। ਉਨ੍ਹਾਂ ਦਿਨਾਂ ਵਿਚ ਮੁਲਤਾਨ ਸੰਸਾਰਿਕ ਅਤੇ ਰੂਹਾਨੀ ਵਿਦਿਆ ਦਾ ਕੇਂਦਰ ਸੀ। ਇਸ ਲਈ ਉਨ੍ਹਾਂ ਦੀ ਮੁਢਲੀ ਵਿਦਿਆ ਮੁਲਤਾਨ ਵਿਚ ਹੀ ਸ਼ੁਰੂ ਹੋਈ। ਫ਼ਰੀਦ ਜੀ ਉਸ ਸਮੇਂ ਦੇ ਸੂਫ਼ੀ ਸੰਤ ਅਤੇ ਵਿਦਵਾਨ ਖਵਾਜਾ ਬਖਤਿਆਰ ਕਾਕੀ ਦੇ ਮੁਰੀਦ ਸਨ। ਸੰਤ ਸੁਭਾਅ ਦੇ ਮਾਲਕ ਰੱਬ ਦੀ ਰਜ਼ਾ 'ਚ ਰਹਿਣ ਵਾਲੇ ਫ਼ਰੀਦ ਜੀ ਨੂੰ ਪੰਜਾਬੀ ਬੋਲੀ ਦੇ ਪਹਿਲੇ ਕਵੀ ਵਜੋਂ ਵੀ ਜਾਣਿਆ ਜਾਂਦਾ ਹੈ ਅਤੇ ਫ਼ਰੀਦ ਜੀ ਦੀਆਂ ਰਚਨਾਵਾਂ ਗੁਰੂ ਗ੍ਰੰਥ ਸਾਹਿਬ ਵਿੱਚ ਵੀ ਦਰਜ ਹਨ। ਗੁਰੂ ਗ੍ਰੰਥ ਸਾਹਿਬ ਵਿੱਚ ਬਾਬਾ ਜੀ ਦੇ ਚਾਰ ਸ਼ਬਦ ਅਤੇ 130 ਸਲੋਕ ਦਰਜ ਹਨ। ਬਾਬਾ ਫ਼ਰੀਦ ਜੀ ਦੀ ਬਾਣੀ ਉੱਚਿਤ ਹੋਣ ਕਰਕੇ ਹੀ ਗੁਰੂ ਅਰਜਨ ਦੇਵ ਜੀ ਨੇ ਉਨ੍ਹਾਂ ਦੀ ਬਾਣੀ ਇਕੱਤਰ ਕਰਕੇ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਕੀਤੀ ਅਤੇ ਉਨ੍ਹਾਂ ਦੀ ਬਾਣੀ ਨੂੰ ਅਹਿਮ ਅਸਥਾਨ ਦਿੱਤਾ। ਖ਼ੁਦਾ ਦੀ ਇਬਾਦਤ 'ਚ ਲੀਨ ਬਾਬਾ ਫ਼ਰੀਦ ਜੀ 12ਵੀਂ, 13ਵੀਂ ਸਦੀ ਦੇ ਉਹ ਪਹਿਲੇ ਕਵੀ ਹੋਏ, ਜਿਨ੍ਹਾਂ ਨੇ ਖ਼ੁਦਾ ਦੀ ਰਹਿਮਤ ਸਦਕਾ ਆਪਣੇ ਭਾਵ, ਖਿਆਲ ਪੰਜਾਬੀ ਭਾਸ਼ਾ 'ਚ ਪ੍ਰਗਟ ਕਰ ਨਾਮਣਾ ਖੱਟੀ। ਬਾਬਾ ਫ਼ਰੀਦ ਜੀ ਲਹਿੰਦੇ ਪੰਜਾਬ ਦੇ ਵਸਨੀਕ ਸਨ, ਇਸ ਲਈ ਇਨ੍ਹਾਂ ਦੀ ਭਾਸ਼ਾ ਨੂੰ ਲਹਿੰਦੀ ਕਿਹਾ ਜਾਂਦਾ ਹੈ। ਉਨ੍ਹਾਂ ਨੇ ਆਪਣੇ ਜੀਵਨ ਦਾ ਕਾਫੀ ਸਮਾਂ ਲਹਿੰਦੇ ਪੰਜਾਬ ਦੇ ਜ਼ਿਲ੍ਹੇ ਮਿੰਟਗੁਮਰੀ ਦੇ ਨਗਰ ਪਾਕਪਟਨ 'ਚ ਗੁਜ਼ਾਰਿਆ, ਜੋ ਮਿੰਟਗੁਮਰੀ ਤੋਂ ਤਕਰੀਬਨ 46-47 ਕਿਲੋਮੀਟਰ ਦੱਖਣ-ਪੂਰਬ ਦਿਸ਼ਾ 'ਚ ਹੈ।

ਫਰੀਦਕੋਟ ਸ਼ਹਿਰ ਰਾਜਾ ਮੋਕਲਸੀ ਵੱਲੋਂ ਸਥਾਪਿਤ ਕੀਤਾ ਮੰਨਿਆ ਜਾਂਦਾ ਹੈ। ਇਸ ਦਾ ਨਾਂ ਉਸ ਸਮੇਂ ਮੋਕਲਹਰ ਸੀ। ਬਾਬਾ ਸ਼ੇਖ ਫਰੀਦ ਪਾਕਪਟਨ ਤੋਂ ਜਾਂਦੇ ਸਮੇਂ ਇਸ ਰਸਤੇ ਵਿੱਚ ਲੰਘੇ,ਫਰੀਦਕੋਟ ਪਹੁੰਚਣ ਤੇ ਰਾਜਾ ਮੋਕਲਸੀ ਦੇ ਸਿਪਾਹੀਆਂ ਨੇ ਬਾਬਾ ਫਰੀਦ ਜੀ ਨੂੰ ਫੜ ਲਿਆ ਅਤੇ ਕਿਲੇ ਦੀ ਚੱਲ ਰਹੀ ਮੁਰੰਮਤ ਅਤੇ ਉਸਾਰੀ ਦੇ ਕੰਮ ਵਿੱਚ ਵੰਗਾਰ ਵਜੋਂ ਲਗਾ ਲਿਆ। ਜਦੋਂ ਬਾਬਾ ਫਰੀਦ ਜੀ ਗਾਰੇ ਦੀ ਭਰੀ ਟੋਕਰੀ ਸਿਰ ਤੇ ਲਿਜਾ ਰਹੇ ਸਨ ਤਾਂ ਟੋਕਰੀ ਸਿਰ ਉੱਤੇ ਟਿਕਣ ਦੀ ਬਜਾਏ ਹਵਾ ਵਿੱਚ ਤੈਰਦੀ ਨਜ਼ਰ ਆਈ, ਡਿਊਟੀ ਤੇ ਹਾਜ਼ਰ ਸਿਪਾਹੀਆਂ ਨੇ ਇਸ ਦੀ ਸੂਚਨਾ ਰਾਜੇ ਨੂੰ ਦਿੱਤੀ ਅਤੇ ਰਾਜੇ ਨੇ ਖੁਦ ਮੌਕੇ ਤੇ ਪਹੁੰਚ ਕੇ ਇਹ ਕੌਤਕ ਦੇਖ ਕੇ ਸਮਝ ਗਿਆ ਕਿ ਇਹ ਕੋਈ ਸੂਫ਼ੀ ਸੰਤ ਫਕੀਰ ਹਨ। ਰਾਜਾ ਮੋਕਲਸੀ ਨੇ ਬਾਬਾ ਫ਼ਰੀਦ ਜੀ ਦੇ ਚਰਨ ਫੜ ਮੁਆਫੀ ਮੰਗੀ ਤੇ ਆਪਣਾ ਨਾਂ ਹਟਾ ਕੇ ਇਸ ਨਗਰ ਦਾ ਨਾਂ ਬਾਬਾ ਫ਼ਰੀਦ ਜੀ ਦੇ ਨਾਮ 'ਤੇ 'ਫਰੀਦਕੋਟ' ਰੱਖ ਦਿੱਤਾ। ਉਸੇ ਦਿਨ ਤੋਂ ਇਸ ਨਗਰ ਨੂੰ ਬਾਬਾ ਫ਼ਰੀਦ ਜੀ ਦੇ ਸ਼ਹਿਰ ਫਰੀਦਕੋਟ ਵਜੋਂ ਜਾਣਿਆ ਜਾਣ ਲੱਗਿਆ। ਫਰੀਦਕੋਟ ਵਿਖੇ ਬਾਬਾ ਫਰੀਦ ਜੀ ਦੀ ਯਾਦ ਵਿੱਚ ਗੁਰਦੁਆਰਾ ਟਿੱਲਾ ਬਾਬਾ ਫਰੀਦ ਅਤੇ ਗੁਰਦੁਆਰਾ ਗੋਦੜੀ ਸਾਹਿਬ ਕੋਟਕਪੂਰਾ ਰੋਡ ਫਰੀਦਕੋਟ ਵਿਖੇ ਸਥਿਤ ਹੈ ਜਿੱਥੇ ਸੰਗਤਾਂ ਦੇਸ਼ ਵਿਦੇਸ਼ ਤੋਂ ਆ ਕੇ ਨਤਮਸਤਕ ਹੁੰਦੀਆਂ ਹਨ।

**-ਗੁਰਪ੍ਰੀਤ ਸਿੰਘ ਬੇਦੀ, ਫਰੀਦਕੋਟ**

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### 70ਵੀਆਂ ਪੰਜਾਬ ਰਾਜ ਅੰਤਰ-ਜ਼ਿਲ੍ਹਾ ਸਕੂਲ ਖੇਡਾਂ-2026 ਤਹਿਤ

# ਕਰਾਟੇ ਮੁਕਾਬਲਿਆਂ ਦਾ ਸ੍ਰ ਹਰਭਜਨ ਸਿੰਘ ਈ.ਟੀ.ਓ ਨੇ ਕੀਤਾ ਉਦਘਾਟਨ




**ਜੰਡਿਆਲਾ ਗੁਰੂ , 22 ਸਤੰਬਰ ( ਕੁਲਵੰਤ ਸਿੰਘ ਵਿਰਦੀ )**- 70ਵੀਆਂ ਪੰਜਾਬ ਰਾਜ ਅੰਤਰ-ਜ਼ਿਲ੍ਹਾ ਸਕੂਲ ਖੇਡਾਂ-2026 ਤਹਿਤ ਕਰਾਟੇ ਅੰਡਰ-19 ਲੜਕੀਆਂ ਅਤੇ ਲੜਕਿਆਂ ਦੇ ਮੁਕਾਬਲੇ 22 ਤੋਂ 25 ਸਤੰਬਰ 2026 ਤੱਕ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਵਿਖੇ ਕਰਵਾਏ ਜਾ ਰਹੇ ਹਨ। ਇਨ੍ਹਾਂ ਮੁਕਾਬਲਿਆਂ ਦਾ ਉਦਘਾਟਨ ਅੱਜ ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਕੀਤਾ ਗਿਆ।ਖੇਡਾਂ ਦਾ ਉਦਘਾਟਨ ਕਰਦਿਆਂ ਸ. ਹਰਭਜਨ ਸਿੰਘ ਈ.ਟੀ.ਓ. ਨੇ ਦੱਸਿਆ ਕਿ 22 ਅਤੇ 23 ਸਤੰਬਰ ਨੂੰ ਹੋਣ ਵਾਲੇ ਲੜਕੀਆਂ ਦੇ ਕਰਾਟੇ ਮੁਕਾਬਲਿਆਂ ਵਿੱਚ ਵੱਖ-ਵੱਖ ਜ਼ਿਲ੍ਹਿਆਂ ਦੀਆਂ ਲਗਭਗ 250 ਖਿਡਾਰਨਾਂ ਭਾਗ ਲੈ ਰਹੀਆਂ ਹਨ, ਜਦਕਿ 24 ਅਤੇ 25 ਸਤੰਬਰ ਨੂੰ ਹੋਣ ਵਾਲੇ ਲੜਕਿਆਂ ਦੇ ਕਰਾਟੇ ਮੁਕਾਬਲਿਆਂ ਵਿੱਚ ਵੱਖ-ਵੱਖ ਜ਼ਿਲ੍ਹਿਆਂ ਦੇ ਲਗਭਗ 280 ਖਿਡਾਰੀ ਹਿੱਸਾ ਲੈਣਗੇ।ਉਨ੍ਹਾਂ ਦੱਸਿਆ ਕਿ ਵੱਖ-ਵੱਖ ਜ਼ਿਲ੍ਹਿਆਂ ਤੋਂ ਆਉਣ ਵਾਲੇ ਖਿਡਾਰੀਆਂ, ਕੋਚਾਂ ਅਤੇ ਅਧਿਆਪਕਾਂ ਦੇ ਰਹਿਣ-ਸਹਿਣ ਅਤੇ ਖਾਣ-ਪੀਣ ਦੇ ਸੁਚੱਜੇ ਪ੍ਰਬੰਧ ਸਿੱਖਿਆ ਵਿਭਾਗ ਵੱਲੋਂ ਕੀਤੇ ਗਏ ਹਨ।ਉਨ੍ਹਾਂ ਖਿਡਾਰੀਆਂ ਨੂੰ ਪੂਰੀ ਖੇਡ ਭਾਵਨਾ, ਅਨੁਸ਼ਾਸਨ ਅਤੇ ਆਪਸੀ ਸਨਮਾਨ ਨਾਲ ਮੁਕਾਬਲਿਆਂ ਵਿੱਚ ਹਿੱਸਾ ਲੈਣ ਦੀ ਅਪੀਲ ਕਰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਵਿੱਚ ਅਨੁਸ਼ਾਸਨ, ਮਿਹਨਤ, ਆਤਮ-ਵਿਸ਼ਵਾਸ ਅਤੇ ਟੀਮ ਭਾਵਨਾ ਦੀ ਭਾਵਨਾ ਪੈਦਾ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਸ਼ਖ਼ਸੀਅਤ ਦੇ ਸਰਵਪੱਖੀ ਵਿਕਾਸ ਵਿੱਚ ਵੀ ਸਹਾਈ ਹੁੰਦੀਆਂ ਹਨ।ਇਨ੍ਹਾਂ ਖੇਡਾਂ ਦਾ ਪ੍ਰਬੰਧ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਦੀਆਂ ਹਦਾਇਤਾਂ ਅਨੁਸਾਰ ਸ੍ਰੀ ਹਰਜਿੰਦਰ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.), ਸ੍ਰੀ ਕਵਲਜੀਤ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ (ਐ.ਸਿ.), ਸ੍ਰੀ ਰਾਜੇਸ਼ ਖੰਨਾ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਅਤੇ ਸ੍ਰੀ ਆਸ਼ੂ ਵਿਸ਼ਾਲ, ਜ਼ਿਲ੍ਹਾ ਸਪੋਰਟਸ ਕੋਆਰਡੀਨੇਟਰ ਦੀ ਅਗਵਾਈ ਹੇਠ ਕਰਵਾਇਆ ਜਾ ਰਿਹਾ ਹੈ।ਇਸ ਮੌਕੇ ਸ੍ਰੀਮਤੀ ਸੁਹਿੰਦਰ ਕੌਰ, ਸ. ਸਤਿੰਦਰ ਸਿੰਘ, ਪ੍ਰਧਾਨ ਨਗਰ ਕੌਂਸਲ ਜੰਡਿਆਲਾ ਗੁਰੂ, ਸ੍ਰੀਮਤੀ ਬਲਵਿੰਦਰ ਕੌਰ, ਸ੍ਰੀਮਤੀ ਪਰਮਜੀਤ ਕੌਰ, ਪ੍ਰਿੰਸੀਪਲ ਪੀ.ਐੱਮ. ਸ੍ਰੀ ਸਕੂਲ ਜੰਡਿਆਲਾ ਗੁਰੂ, ਸ੍ਰੀਮਤੀ ਜਤਿੰਦਰ ਕੌਰ, ਪ੍ਰਿੰਸੀਪਲ ਸਕੂਲ ਆਫ ਐਮੀਨੈਂਸ ਜੰਡਿਆਲਾ ਗੁਰੂ, ਡਾਇਰੈਕਟਰ ਸ੍ਰ: ਮੰਗਲ ਸਿੰਘ ਕਿਸ਼ਨਪੁਰੀ , ਸ੍ਰੀਮਤੀ ਅਮਰਪ੍ਰੀਤ ਕੌਰ, ਪ੍ਰਿੰਸੀਪਲ ਡਾਇਰੈਕਟਰ, ਸ੍ਰੀਮਤੀ ਹਰਜੀਤ ਕੌਰ, ਪ੍ਰਿੰਸੀਪਲ ਸੰਤ ਡੇ ਬੋਰਡਿੰਗ ਸਕੂਲ, ਸ੍ਰੀਮਤੀ ਰਿਤਿਕਾ, ਮਨੋਹਰ ਵਾਟਿਕਾ ਪਬਲਿਕ ਸਕੂਲ ਅਤੇ ਸ੍ਰੀਮਤੀ ਨੇਹਾ, ਪ੍ਰਿੰਸੀਪਲ ਐਸ.ਏ. ਜੈਨ ਸਕੂਲ ਹਾਜ਼ਰ ਸਨ।

**ਖੇਡਾਂ-2026 ਤਹਿਤ ਕਰਾਟੇ ਮੁਕਾਬਲੇ 22 ਤੋਂ 25 ਸਤੰਬਰ ਤੱਕ ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਵਿਖੇ ਕਰਵਾਏ ਜਾ ਰਹੇ**

ਆਵਾਜ਼ਿ ਕੌਮ AWAZE QAUM International Newspaper & WEB TV

### ਪੰਜਾਬ ਦੀਆਂ ਪੰਜ ਸਹਿਕਾਰੀ ਖੰਡ ਮਿੱਲਾਂ ਨੇ

# ਕੌਮੀ ਪੱਧਰ ’ਤੇ ਮਾਰੀਆਂ ਮੱਲਾਂ, ਜਿੱਤੇ ਪੰਜ ਐਵਾਰਡ

**ਨਵੀਂ ਦਿੱਲੀ, 22 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**:-ਪੰਜਾਬ ਦੀਆਂ ਪੰਜ ਸਹਿਕਾਰੀ ਖੰਡ ਮਿੱਲਾਂ ਨੇ ਕੌਮੀ ਪੱਧਰ ’ਤੇ ਸੂਬੇ ਦਾ ਨਾਮ ਰੌਸ਼ਨ ਕਰਦਿਆਂ ਵਿੱਤੀ ਪ੍ਰਬੰਧਨ, ਉੱਤਮ ਗੰਨਾ ਵਿਕਾਸ ਅਤੇ ਤਕਨੀਕੀ ਕੁਸ਼ਲਤਾ ਦੀਆਂ ਵੱਖ-ਵੱਖ ਸ਼੍ਰੇਣੀਆਂ ਵਿੱਚ ਐਵਾਰਡ ਹਾਸਲ ਕੀਤੇ ਹਨ। ਇਹ ਐਵਾਰਡ ਨਵੀਂ ਦਿੱਲੀ ਵਿਖੇ ਡਾ. ਅੰਬੇਦਕਰ ਅੰਤਰਰਾਸ਼ਟਰੀ ਕੇਂਦਰ ਵਿੱਚ ਕਰਵਾਏ ਗਏ ਕੌਮੀ ਸਹਿਕਾਰਤਾ ਸ਼ੂਗਰ ਉਦਯੋਗ ਕਨਕਲੇਵ 2026 ਦੌਰਾਨ ਕੇਂਦਰੀ ਸੜਕੀ ਆਵਾਜਾਈ ਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਵੱਲੋਂ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੂੰ ਪ੍ਰਦਾਨ ਕੀਤੇ ਗਏ। ਕਨਕਲੇਵ ਦਾ ਆਯੋਜਨ ਨੈਸ਼ਨਲ ਫੈਡਰੇਸ਼ਨ ਆਫ ਕੋਆਪਰੇਟਿਵ ਸ਼ੂਗਰ ਫੈਕਟਰੀਜ਼ ਲਿਮਟਿਡ ਵੱਲੋਂ ਸਾਲ 2024-25 ਅਤੇ 2025-26 ਦੀ ਕਾਰਗੁਜ਼ਾਰੀ ਦੇ ਆਧਾਰ ’ਤੇ ਕੀਤਾ ਗਿਆ। ਐਵਾਰਡਾਂ ਵਿੱਚ ਬਟਾਲਾ ਕੋਆਪਰੇਟਿਵ ਸ਼ੂਗਰ ਮਿੱਲਜ਼ ਲਿਮਟਿਡ ਨੇ ‘ਵਿੱਤੀ ਪ੍ਰਬੰਧਨ—ਅਦਰ ਰਿਕਵਰੀ ਏਰੀਆ’ ਸ਼੍ਰੇਣੀ ਵਿੱਚ ਦੂਜਾ ਸਥਾਨ ਹਾਸਲ ਕੀਤਾ। ‘ਉੱਤਮ ਗੰਨਾ ਵਿਕਾਸ—ਅਦਰ ਰਿਕਵਰੀ ਏਰੀਆ’ ਸ਼੍ਰੇਣੀ ਵਿੱਚ ਫਾਜ਼ਿਲਕਾ ਕੋਆਪਰੇਟਿਵ ਸ਼ੂਗਰ ਮਿੱਲਜ਼ ਲਿਮਟਿਡ ਅਤੇ ਬੁੱਢੇਵਾਲ ਕੋਆਪਰੇਟਿਵ ਸ਼ੂਗਰ ਮਿੱਲਜ਼ ਲਿਮਟਿਡ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ‘ਤਕਨੀਕੀ ਕੁਸ਼ਲਤਾ—ਅਦਰ ਰਿਕਵਰੀ ਏਰੀਆ’ ਸ਼੍ਰੇਣੀ ਵਿੱਚ ਨਕੋਦਰ ਕੋਆਪਰੇਟਿਵ ਸ਼ੂਗਰ ਮਿੱਲਜ਼ ਲਿਮਟਿਡ ਨੇ ਦੂਜਾ ਅਤੇ ਭੋਗਪੁਰ ਕੋਆਪਰੇਟਿਵ ਸ਼ੂਗਰ ਮਿੱਲਜ਼ ਲਿਮਟਿਡ ਨੇ ਤੀਜਾ ਸਥਾਨ ਹਾਸਲ ਕੀਤਾ। ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗੰਨੇ ਦੀ ਉਤਪਾਦਕਤਾ ਵਧਾਉਣ, ਖੰਡ ਦੀ ਵਸੂਲੀ ਦਰ ਵਿੱਚ ਸੁਧਾਰ ਕਰਨ ਅਤੇ ਕਾਸ਼ਤ ਦੀ ਲਾਗਤ ਘਟਾਉਣ ਲਈ ਆਧੁਨਿਕ ਖੇਤੀ ਤਕਨੀਕਾਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਪੰਜ ਸਹਿਕਾਰੀ ਖੰਡ ਮਿੱਲਾਂ ਦਾ ਕੌਮੀ ਪੱਧਰ ’ਤੇ ਸਨਮਾਨ ਸੂਬੇ ਲਈ ਮਾਣ ਵਾਲੀ ਗੱਲ ਹੈ। ਉਨ੍ਹਾਂ ਮੁਤਾਬਕ ਪੰਜਾਬ ਦੇ ਗੰਨਾ ਕਾਸ਼ਤਕਾਰਾਂ ਨੂੰ ?416 ਪ੍ਰਤੀ ਕੁਇੰਟਲ ਦੀ ਦਰ ਨਾਲ ਗੰਨੇ ਦਾ ਭਾਅ ਦਿੱਤਾ ਜਾ ਰਿਹਾ ਹੈ, ਜਿਸ ਵਿੱਚ ਸੂਬਾ ਸਰਕਾਰ ਵੱਲੋਂ ?68.50 ਪ੍ਰਤੀ ਕੁਇੰਟਲ ਸਬਸਿਡੀ ਸ਼ਾਮਲ ਹੈ। ਮੰਤਰੀ ਨੇ ਦੱਸਿਆ ਕਿ 2025-26 ਦੌਰਾਨ ਪੰਜਾਬ ਵਿੱਚ ਗੰਨੇ ਹੇਠ ਰਕਬਾ 1,11,818 ਹੈਕਟੇਅਰ ਸੀ, ਜੋ 2026-27 ਵਿੱਚ ਵਧ ਕੇ 1,16,131 ਹੈਕਟੇਅਰ ਹੋ ਗਿਆ ਹੈ। ਮੌਸਮ ਅਨੁਕੂਲ ਰਹਿਣ ਦੀ ਸੂਰਤ ਵਿੱਚ ਇਸ ਰਕਬੇ ਤੋਂ ਲਗਭਗ 700 ਲੱਖ ਕੁਇੰਟਲ ਗੰਨੇ ਦੀ ਪੈਦਾਵਾਰ ਹੋਣ ਦੀ ਸੰਭਾਵਨਾ ਹੈ। ਗੰਨੇ ਦੀ ਆਧੁਨਿਕ ਕਾਸ਼ਤ ਲਈ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਗੰਨਾ ਮਾਹਿਰਾਂ, ਖੇਤੀਬਾੜੀ ਵਿਭਾਗ ਅਤੇ ਖੰਡ ਮਿੱਲਾਂ ਦੀਆਂ ਸਾਂਝੀਆਂ ਟੀਮਾਂ ਵੱਲੋਂ ਕਿਸਾਨ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ। ਇਨ੍ਹਾਂ ਕੈਂਪਾਂ ਵਿੱਚ ਚੌੜੀ ਵਿਧੀ ਨਾਲ ਬਿਜਾਈ, ਪ੍ਰਾਇਮਰੀ ਸੀਡ ਨਰਸਰੀ, ਸੁਧਰੇ ਤੇ ਰੋਗ-ਰਹਿਤ ਬੀਜ, ਸੰਤੁਲਿਤ ਖਾਦ ਵਰਤੋਂ, ਕੀਟ ਤੇ ਬਿਮਾਰੀ ਪ੍ਰਬੰਧਨ ਅਤੇ ਖੇਤੀ ਮਸ਼ੀਨੀਕਰਨ ਬਾਰੇ ਜਾਣਕਾਰੀ ਦਿੱਤੀ ਜਾ ਰਹੀ ਹੈ।2026-27 ਦੌਰਾਨ ਆਧੁਨਿਕ ਗੰਨਾ ਕਾਸ਼ਤ ਅਤੇ ਖੇਤੀ ਮਸ਼ੀਨੀਕਰਨ ਨੂੰ ਉਤਸ਼ਾਹਿਤ ਕਰਨ ਲਈ ਵਿਸ਼ੇਸ਼ ਪ੍ਰੋਤਸਾਹਨ ਸਕੀਮ ਵੀ ਲਾਗੂ ਕੀਤੀ ਗਈ ਹੈ। ਇਸ ਤਹਿਤ ਚੁਣੇ ਹੋਏ ਜ਼ਿਲ੍ਹਿਆਂ ਵਿੱਚ ਸਿਫਾਰਸ਼ਸ਼ੁਦਾ ਗੰਨਾ ਕਾਸ਼ਤ ਤਕਨੀਕਾਂ ’ਤੇ ਆਧਾਰਿਤ ਇੱਕ ਹੈਕਟੇਅਰ ਦੇ ਪ੍ਰਦਰਸ਼ਨੀ ਪਲਾਟ ਸਥਾਪਤ ਕਰਨ ਲਈ ਕਿਸਾਨਾਂ ਨੂੰ ?3,200 ਪ੍ਰਤੀ ਏਕੜ ਵਿੱਤੀ ਸਹਾਇਤਾ ਦਿੱਤੀ ਜਾ ਰਹੀ ਹੈ। ਇਸ ਸਕੀਮ ਵਿੱਚ ਅੰਮ੍ਰਿਤਸਰ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਸ਼ਹੀਦ ਭਗਤ ਸਿੰਘ ਨਗਰ, ਫਤਿਹਗੜ੍ਹ ਸਾਹਿਬ, ਰੂਪਨਗਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਪਟਿਆਲਾ, ਫਾਜ਼ਿਲਕਾ, ਫਰੀਦਕੋਟ ਅਤੇ ਕਪੂਰਥਲਾ ਜ਼ਿਲ੍ਹੇ ਸ਼ਾਮਲ ਹਨ। ਕਿਸਾਨਾਂ ਨੂੰ ਨਵੀਨਤਮ ਤਕਨੀਕੀ ਜਾਣਕਾਰੀ ਦੇਣ ਲਈ ਫੇਸਬੁੱਕ ਅਤੇ ਯੂਟਿਊਬ ਸਮੇਤ ਸੋਸ਼ਲ ਮੀਡੀਆ ਮਾਧਿਅਮਾਂ ਦੀ ਵਰਤੋਂ ਵੀ ਕੀਤੀ ਜਾ ਰਹੀ ਹੈ। ਪੀ.ਏ.ਯੂ. ਦੇ ਮਾਹਿਰਾਂ, ਖੇਤੀਬਾੜੀ ਵਿਭਾਗ ਅਤੇ ਖੰਡ ਮਿੱਲਾਂ ਦੇ ਫੀਲਡ ਸਟਾਫ ਵੱਲੋਂ 320 ਕਿਸਾਨ ਸਿਖਲਾਈ ਕੈਂਪਾਂ ਰਾਹੀਂ ਲਗਭਗ 15,000 ਕਿਸਾਨਾਂ ਨੂੰ ਤਕਨੀਕੀ ਜਾਣਕਾਰੀ ਦਿੱਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਗੰਨੇ ਦੀ ਕਟਾਈ ਅਤੇ ਹੋਰ ਖੇਤੀ ਕਾਰਜਾਂ ਦੇ ਮਸ਼ੀਨੀਕਰਨ ਲਈ ਗੰਨਾ ਕਟਾਈ ਮਸ਼ੀਨ, ਛੋਟਾ ਟਰੈਕਟਰ, ਗੰਨਾ ਬਿਜਾਈ ਮਸ਼ੀਨ ਅਤੇ ਰੈਟੂਨ ਮੈਨੇਜਰ ਆਦਿ ਮਸ਼ੀਨਾਂ 40 ਫੀਸਦੀ ਸਬਸਿਡੀ ’ਤੇ ਕਾਸ਼ਤਕਾਰਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਜਿਸ ਨਾਲ ਮਜ਼ਦੂਰਾਂ ਦੀ ਘਾਟ ਦੀ ਸਮੱਸਿਆ ਘਟਾਉਣ ਦਾ ਉਦੇਸ਼ ਹੈ। ਇਸ ਮੌਕੇ ਸਹਿਕਾਰਤਾ ਵਿਭਾਗ ਪੰਜਾਬ ਦੀ ਸਕੱਤਰ ਅਜੀਤ ਬਾਲਾ ਜੋਸ਼ੀ, ਸ਼ੂਗਰਫੈੱਡ ਦੀ ਮੈਨੇਜਿੰਗ ਡਾਇਰੈਕਟਰ ਡਾ. ਸੇਨੂੰ ਦੁੱਗਲ ਅਤੇ ਐਵਾਰਡ ਪ੍ਰਾਪਤ ਕਰਨ ਵਾਲੀਆਂ ਖੰਡ ਮਿੱਲਾਂ ਦੇ ਅਧਿਕਾਰੀ ਵੀ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

## ਮਾਨ ਸਰਕਾਰ ਵੱਲੋਂ ਡੋਰ-ਟੂ-ਡੋਰ ਮੁਹਿੰਮ ਨਾਲ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਲੋਕਾਂ ਸਾਹਮਣੇ ਰੱਖਣਾ ਸ਼ਲਾਘਾਯੋਗ ਫੈਸਲਾ, ਚੱਠਾ



**ਧੂਰੀ (ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਡੋਰ-ਟੂ-ਡੋਰ ਮੁਹਿੰਮ ਅਤੇ ਪਾਰਟੀ ਦੀ ਮੈਂਬਰਸ਼ਿਪ ਭਰਨ ਤੇ ਆਦਮੀ ਪਾਰਟੀ ਦੀ ਸਭ ਤੋਂ ਵੱਡੀ ਤਾਕਤ ਇਸ ਦੇ ਵਰਕਰ ਅਤੇ ਵਲੰਟੀਅਰ ਹਨ, ਜੋ ਜ਼ਮੀਨੀ ਪੱਧਰ ’ਤੇ ਲੋਕਾਂ ਨਾਲ ਸਿੱਧਾ ਸੰਪਰਕ ਕਾਇਮ ਕਰਕੇ ਸਰਕਾਰ ਵੱਲੋਂ ਕੀਤੇ ਕੰਮਾਂ ਦਾ ਲੇਖਾ-ਜੋਖਾ ਉਨ੍ਹਾਂ ਸਾਹਮਣੇ ਰੱਖ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ, ਸਤਿੰਦਰ ਸਿੰਘ ਚੱਠਾ ਪ੍ਰਧਾਨ ਐਫਸੀਆਈ ਟਰੇਡ ਯੂਨੀਅਨ ਭਾਰਤ ਨੇ ਕੀਤਾ। ਉਨ੍ਹਾਂ ਕਿਹਾ ਕਿ ’ਆਪ’ ਦੀ ਸਿਆਸਤ ਦਾ ਮੁੱਢਲਾ ਸਿਧਾਂਤ ਲੋਕਾਂ ਵਿੱਚ ਜਾ ਕੇ ਉਨ੍ਹਾਂ ਨਾਲ ਸਿੱਧਾ ਸੰਵਾਦ ਕਰਨਾ ਹੈ। ਇਸੇ ਸੋਚ ਤਹਿਤ ਪਾਰਟੀ ਦੇ ਵਰਕਰ ਅਤੇ ਵਲੰਟੀਅਰ ਪੰਜਾਬ ਦੇ ਘਰ-ਘਰ ਪਹੁੰਚ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਪਿਛਲੇ ਸਾਢੇ ਚਾਰ ਸਾਲਾਂ ਦੇ ਕੰਮਾਂ ਦਾ ਰਿਪੋਰਟ ਕਾਰਡ ਲੋਕਾਂ ਸਾਹਮਣੇ ਰੱਖ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਪੰਜਾਬ ਮਾਮਲਿਆਂ ਦੇ ਇੰਚਾਰਜ ਮਨੀਸ਼ ਸਿਸੋਦੀਆ ਅਤੇ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਵੱਲੋਂ ਸ਼ੁਰੂ ਕੀਤੀ ਗਈ ਇਸ ਸੂਬਾ ਪੱਧਰੀ ਮੁਹਿੰਮ ਤਹਿਤ ਇੱਕ ਵਿਸ਼ੇਸ਼ ਪੈਂਫਲੇਟ/ਰਿਪੋਰਟ ਕਾਰਡ ਵੀ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਇਸ ਵਿੱਚ ਸਰਕਾਰ ਵੱਲੋਂ ਬਿਜਲੀ, ਸਿਹਤ, ਸਿੱਖਿਆ, ਮਹਿਲਾ ਭਲਾਈ ਅਤੇ ਹੋਰ ਖੇਤਰਾਂ ਵਿੱਚ ਕੀਤੀਆਂ ਪਹਿਲਕਦਮੀਆਂ ਅਤੇ ਉਨ੍ਹਾਂ ਰਾਹੀਂ ਪਰਿਵਾਰਾਂ ਨੂੰ ਹੋਣ ਵਾਲੀ ਬੱਚਤ ਦਾ ਵੇਰਵਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਆਮ ਪਰਿਵਾਰ ਦੀ ਰੋਜ਼ਾਨਾ ਜ਼ਿੰਦਗੀ ਨਾਲ ਜੁੜੇ ਖ਼ਰਚਿਆਂ ਨੂੰ ਘਟਾਉਣ ਨੂੰ ਆਪਣੀਆਂ ਮੁੱਖ ਤਰਜੀਹਾਂ ਵਿੱਚ ਰੱਖਿਆ ਹੈ। ਉਨ੍ਹਾਂ ਕਿਹਾ ਕਿ 300 ਯੂਨਿਟ ਪ੍ਰਤੀ ਮਹੀਨਾ ਮੁਫ਼ਤ ਬਿਜਲੀ ਦੀ ਸਹੂਲਤ ਨਾਲ ਵੱਡੀ ਗਿਣਤੀ ਵਿੱਚ ਘਰੇਲੂ ਖਪਤਕਾਰਾਂ ਨੂੰ ਬਿਜਲੀ ਬਿੱਲਾਂ ਤੋਂ ਰਾਹਤ ਮਿਲੀ ਹੈ। ਇਸੇ ਤਰ੍ਹਾਂ ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਸਰਕਾਰੀ ਸਹੂਲਤਾਂ ਦੇ ਵਿਸਥਾਰ ਦਾ ਉਦੇਸ਼ ਪਰਿਵਾਰਾਂ ਦੇ ਇਲਾਜ ਅਤੇ ਬੱਚਿਆਂ ਦੀ ਪੜ੍ਹਾਈ ’ਤੇ ਹੋਣ ਵਾਲੇ ਖ਼ਰਚੇ ਨੂੰ ਘਟਾਉਣਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਓ.ਐਸ.ਡੀ. ਸੁਖਵੀਰ ਸਿੰਘ ਵਿਸ਼ਵਕਰਮਾ ਮੰਦਰ ਵਿਖੇ ਹੋਏ ਨਤਮਸਤਕ

### ਓ.ਐਸ.ਡੀ . ਸੁਖਵੀਰ ਸਿੰਘ ਨੇ ਰਾਮਗੜ੍ਹੀਆ ਭਾਈਚਾਰੇ ਨਾਲ ਕੀਤੀ ਵਿਚਾਰ-ਚਰਚਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸ. ਸੁਖਵੀਰ ਸਿੰਘ ਵਿਸ਼ਵਕਰਮਾ ਮੰਦਰ ਵਿਖੇ ਨਤਮਸਤਕ ਹੋਏ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਓ.ਐਸ.ਡੀ. ਸੁਖਵੀਰ ਸਿੰਘ ਨੇ ਰਾਮਗੜ੍ਹੀਆ ਭਾਈਚਾਰੇ ਦੇ ਨੁਮਾਇੰਦਿਆਂ ਨਾਲ ਮੁਲਾਕਾਤ ਕਰਕੇ ਵੱਖ-ਵੱਖ ਸਮਾਜਿਕ ਅਤੇ ਭਾਈਚਾਰਕ ਮੁੱਦਿਆਂ ’ਤੇ ਵਿਚਾਰ-ਚਰਚਾ ਕੀਤੀ ਅਤੇ ਮੁਸ਼ਕਲਾਂ ਸੁਣੀਆਂ। ਉਨ੍ਹਾਂ ਨੇ ਭਾਈਚਾਰੇ ਦੇ ਮੈਂਬਰਾਂ ਨਾਲ ਖੁੱਲ੍ਹ ਕੇ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਵਿਚਾਰਾਂ ਤੇ ਸੁਝਾਵਾਂ ਨੂੰ ਧਿਆਨ ਨਾਲ ਸੁਣਿਆ। ਇਸ ਦੌਰਾਨ ਆਪਸੀ ਤਾਲਮੇਲ, ਸਮਾਜਿਕ ਏਕਤਾ ਅਤੇ ਲੋਕਾਂ ਨਾਲ ਨਿਰੰਤਰ ਸੰਪਰਕ ਬਣਾਈ ਰੱਖਣ ਦੀ ਮਹੱਤਤਾ ਬਾਰੇ ਵੀ ਵਿਚਾਰ ਸਾਂਝੇ ਕੀਤੇ ਗਏ। ਓ.ਐਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਸਮਾਜ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਸਾਰੇ ਵਰਗਾਂ ਦੀ ਭਾਗੀਦਾਰੀ ਅਤੇ ਆਪਸੀ ਸਹਿਯੋਗ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਵੱਖ-ਵੱਖ ਭਾਈਚਾਰਿਆਂ ਨਾਲ ਮਿਲ ਕੇ ਵਿਚਾਰ-ਵਟਾਂਦਰਾ ਕਰਨ ਨਾਲ ਲੋਕਾਂ ਦੀਆਂ ਲੋੜਾਂ ਅਤੇ ਉਮੀਦਾਂ ਨੂੰ ਸਮਝਣ ਦਾ ਮੌਕਾ ਮਿਲਦਾ ਹੈ। ਅਜਿਹੇ ਸੰਵਾਦ ਸਮਾਜਿਕ ਸਾਂਝ ਨੂੰ ਹੋਰ ਮਜ਼ਬੂਤ ਕਰਨ ਅਤੇ ਲੋਕਾਂ ਵਿਚਕਾਰ ਆਪਸੀ ਵਿਸ਼ਵਾਸ ਵਧਾਉਣ ਵਿੱਚ ਸਹਾਈ ਹੁੰਦੇ ਹਨ। ਉਨ੍ਹਾਂ ਨੇ ਕਿਹਾ ਕਿ ਪੰਜਾਬ ਦੀ ਅਮੀਰ ਵਿਰਾਸਤ ਅਤੇ ਸੱਭਿਆਚਾਰਕ ਪਛਾਣ ਆਪਸੀ ਪਿਆਰ, ਸਤਿਕਾਰ ਅਤੇ ਭਾਈਚਾਰਕ ਏਕਤਾ ’ਤੇ ਆਧਾਰਿਤ ਹੈ। ਸਾਨੂੰ ਸਾਰਿਆਂ ਨੂੰ ਮਿਲ ਕੇ ਇਸ ਸਾਂਝ ਨੂੰ ਕਾਇਮ ਰੱਖਣ ਅਤੇ ਸਮਾਜ ਦੀ ਬਿਹਤਰੀ ਲਈ ਸਾਂਝੇ ਯਤਨ ਕਰਨੇ ਚਾਹੀਦੇ ਹਨ। ਇਸ ਮੌਕੇ ਰਾਮਗੜ੍ਹੀਆ ਭਾਈਚਾਰੇ ਦੇ ਨੁਮਾਇੰਦਿਆਂ ਨੇ ਵੀ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਆਪਸੀ ਮਿਲਵਰਤਣ ਤੇ ਸਮਾਜਿਕ ਸਾਂਝ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਜਤਿੰਦਰ ਸਿੰਘ ਸੋਨੀ ਮੰਡੇਰ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ ਧੂਰੀ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰ, ਰੂਬਲ ਬਾਜਵਾ ਸਮੇਤ ਵੱਡੀ ਗਿਣਤੀ ਰਾਮਗੜ੍ਹੀਆ ਭਾਈਚਾਰੇ ਦੇ ਨੁਮਾਇੰਦੇ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸਚਿਨ ਪਾਇਲਟ ਦੇ ਪੰਜਾਬ ਵਿੱਚ ਆਉਣ ਨਾਲ ਕਾਂਗਰਸ ਹੋਈ ਮਜਬੂਤ : ਕਮਲਜੀਤ ਸਿੰਘ ਚੱਕ



**ਮਹਿਲ ਕਲਾਂ ( ਰਣਜੀਤ ਸਿੰਘ ਪੇਧਨੀ )**-ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਤੇ ਪਾਰਟੀ ਦੀ ਟਿਕਟ ਦੇ ਹਲਕਾ ਮਹਿਲ ਕਲਾਂ ਤੋਂ ਪ੍ਰਮੁੱਖ ਦਾਅਵੇਦਾਰ ਕਮਲਜੀਤ ਸਿੰਘ ਚੱਕ ਨੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਪੰਜਾਬ ਪ੍ਰਦੇਸ਼ ਕਾਂਗਰਸ ਵਿੱਚ ਇੱਕਮੁੱਠਤਾ ਦਾ ਸਬੂਤ ਦਿਖਾਉਂਦੇ ਹੋਏ ਸਚਿਨ ਪਾਇਲਟ ਨੇ ਸਾਰੀਆਂ ਵਿਰੋਧੀ ਪਾਰਟੀਆਂ ਦੀ ਬੋਲਤੀ ਬੰਦ ਕਰ ਦਿੱਤੀ ਹੈ । ਜਿੱਥੇ ਪੰਜਾਬ ਅੰਦਰ ਕਾਂਗਰਸ ਪਾਰਟੀ ਦੀ ਇੱਕੋ ਸੁਰ ਅਤੇ ਮੰਚ ਤੇ ਚੱਲਣ ਨਾਲ ਜਿੱਥੇ ਕਾਂਗਰਸ ਮਜਬੂਤ ਹੋਵੇਗੀ ਉਥੇ ਹੁਣ ਦੂਜੀਆਂ ਰਿਵਾਇਤੀ ਪਾਰਟੀਆਂ ਕੋਲ ਇਸਦਾ ਜਵਾਬ ਨਾ ਹੋਣ ਕਾਰਨ ਬੌਖਲਾਈਆਂ ਹੋਈਆਂ ਹਨ। ਉਨ੍ਹਾਂ ਕਿਹਾ ਕਿ ਸੂਬੇ ਨੂੰ ਦੁਬਾਰਾ ਲੀਹਾ ਪ੍ਰੈੱਸ ਨਾਲ ਗੱਲਬਾਤ ਦੌਰਾਨ ਕੀਤਾ ਲਿਆਉਣ ਲਈ ਇੱਕੋ-ਇੱਕ ਕਾਂਗਰਸ ਪਾਰਟੀ ਹੀ ਹੈ । ਜੇਕਰ ਪਿਛਲੇ ਸਮੇਂ ਵਿਕਾਸ ਦੇ ਕੰਮ ਹੋਏ ਤਾਂ ਸਿਰਫ ਤੇ ਸਿਰਫ ਕਾਂਗਰਸ ਦੇ ਕਾਰਜ ਕਾਲ ਵਿੱਚ ਹੋਏ ਹਨ ।ਪ੍ਰੰਤੂ ਜਿਹੜੀਆਂ ਸਰਕਾਰਾਂ ਲੋਕਾਂ ਨੂੰ ਇਨਸਾਫ ਦੇਣ ਦਾ ਵਾਅਦਾ ਕਰਕੇ ਸੱਤਾ ਵਿੱਚ ਆਈਆਂ ਉਨ੍ਹਾਂ ਨੇ ਲੋਕਾਂ ਨੂੰ ਬੁਰੀ ਤਰ੍ਹਾਂ ਲੁੱਟਿਆ ਅਤੇ ਕੁੱਟਿਆ ਹੈ । ਉਨ੍ਹਾਂ ਕਿਹਾ ਕਿ ਲੋਕ ਹੁਣ ਮਨ ਬਣਾ ਚੁੱਕੇ ਹਨ ਕਿ ਪੰਜਾਬ ਸੂਬੇ ਦੀ ਵਾਗਡੋਰ ਕਾਂਗਰਸ ਪਾਰਟੀ ਦੇ ਹਵਾਲੇ ਕਰਕੇ ਪੰਜਾਬ ਸੂਬੇ ਨੂੰ ਵਿਕਾਸ ਦੀਆਂ ਰਾਹਾਂ ’ਤੇ ਲਿਆਂਦਾ ਜਾਵੇ ।

‘ਸਵੱਛਤਾ ਹੀ ਸੇਵਾ’ 2026 ਮੁਹਿੰਮ ਤਹਿਤ

# ਪਿੰਡਾਂ ਵਿੱਚ ਸਫ਼ਾਈ ਗਤੀਵਿਧੀਆਂ ਜਾਰੀ



**ਜੰਡਿਆਲਾ ਗੁਰੂ 22 ਸਤੰਬਰ ( ਕੁਲਵੰਤ ਸਿੰਘ ਵਿਰਦੀ )**-ਡਿਪਟੀ ਕਮਿਸ਼ਨਰ, ਅੰਮ੍ਰਿਤਸਰ ਸ਼੍ਰੀ ਦਲਵਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ‘ਸਵੱਛਤਾ ਹੀ ਸੇਵਾ 2026’ ਮੁਹਿੰਮ ਤਹਿਤ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਸਫ਼ਾਈ ਅਤੇ ਸੈਨੀਟੇਸ਼ਨ ਸਬੰਧੀ ਗਤੀਵਿਧੀਆਂ ਲਗਾਤਾਰ ਕਰਵਾਈਆਂ ਜਾ ਰਹੀਆਂ ਹਨ। ਇਸ ਮੁਹਿੰਮ ਦਾ ਮੁੱਖ ਉਦੇਸ਼ ਪਿੰਡਾਂ ਨੂੰ ਸਾਫ਼-ਸੁਥਰਾ ਬਣਾਉਣ ਦੇ ਨਾਲ-ਨਾਲ ਲੋਕਾਂ ਵਿੱਚ ਸਫ਼ਾਈ ਪ੍ਰਤੀ ਜ਼ਿੰਮੇਵਾਰੀ ਅਤੇ ਜਾਗਰੂਕਤਾ ਦੀ ਭਾਵਨਾ ਪੈਦਾ ਕਰਨਾ ਹੈ। ਇਸ ਮੁਹਿੰਮ ਤਹਿਤ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੀਆਂ ਫੀਲਡ ਟੀਮਾਂ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਸਫ਼ਾਈ ਸਬੰਧੀ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ। ਇਨ੍ਹਾਂ ਗਤੀਵਿਧੀਆਂ ਦੌਰਾਨ ਪਿੰਡ ਵਾਸੀਆਂ ਨੂੰ ਆਪਣੇ ਆਲੇ-ਦੁਆਲੇ ਦੀ ਸਫ਼ਾਈ ਬਣਾਈ ਰੱਖਣ, ਕੂੜੇ ਨੂੰ ਨਿਰਧਾਰਤ ਥਾਵਾਂ ’ਤੇ ਪਾਉਣ ਅਤੇ ਗਿੱਲੇ ਤੇ ਸੁੱਕੇ ਕੂੜੇ ਨੂੰ ਵੱਖ-ਵੱਖ ਇਕੱਠਾ ਕਰਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।ਵਿਭਾਗ ਦੇ ਕਰਮਚਾਰੀਆਂ ਵੱਲੋਂ ਲੋਕਾਂ ਨੂੰ ਗਿੱਲਾ ਕੂੜਾ, ਸੁੱਕਾ ਕੂੜਾ, ਸੈਨੀਟਰੀ ਵੇਸਟ ਅਤੇ ਖਤਰਨਾਕ/ਹਾਨੀਕਾਰਕ ਕੂੜੇ ਨੂੰ ਘਰ ਪੱਧਰ ’ਤੇ ਹੀ ਵੱਖ-ਵੱਖ ਰੱਖਣ ਸਬੰਧੀ ਜਾਣਕਾਰੀ ਦਿੱਤੀ ਜਾ ਰਹੀ ਹੈ। ਇਸ ਦੇ ਨਾਲ ਹੀ ਕੂੜੇ ਦੇ ਸਹੀ ਨਿਪਟਾਰੇ ਅਤੇ ਪਿੰਡਾਂ ਵਿੱਚ ਠੋਸ ਕੂੜਾ ਪ੍ਰਬੰਧਨ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਲੋਕਾਂ ਦਾ ਸਹਿਯੋਗ ਲਿਆ ਜਾ ਰਿਹਾ ਹੈ।ਬੱਚਿਆਂ ਨੂੰ ਵੀ ਸਫ਼ਾਈ ਪ੍ਰਤੀ ਕੀਤਾ ਜਾ ਰਿਹਾ ਜਾਗਰੂਕ ‘ਸਵੱਛਤਾ ਹੀ ਸੇਵਾ 2026’ ਮੁਹਿੰਮ ਤਹਿਤ ਸਕੂਲਾਂ ਵਿੱਚ ਪੜ੍ਹ ਰਹੇ ਬੱਚਿਆਂ ਨੂੰ ਵੀ ਆਪਣੇ ਘਰਾਂ ਅਤੇ ਆਲੇ-ਦੁਆਲੇ ਸਾਫ਼-ਸਫ਼ਾਈ ਰੱਖਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ।ਵਿਦਿਆਰਥੀਆਂ ਨੂੰ ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖ-ਵੱਖ ਰੱਖਣ, ਪਲਾਸਟਿਕ ਦੀ ਵਰਤੋਂ ਘਟਾਉਣ ਅਤੇ ਕੱਪੜੇ ਦੇ ਥੈਲਿਆਂ ਦੀ ਵਰਤੋਂ ਨੂੰ ਉਤਸ਼ਾਹਿਤ ਕਰਨ ਸਬੰਧੀ ਜਾਣਕਾਰੀ ਦਿੱਤੀ ਜਾ ਰਹੀ ਹੈ।ਬੱਚਿਆਂ ਨੂੰ ਇਹ ਵੀ ਸਮਝਾਇਆ ਜਾ ਰਿਹਾ ਹੈ ਕਿ ਸਫ਼ਾਈ ਸਿਰਫ਼ ਸਰਕਾਰੀ ਵਿਭਾਗਾਂ ਦੀ ਜ਼ਿੰਮੇਵਾਰੀ ਨਹੀਂ, ਸਗੋਂ ਹਰ ਨਾਗਰਿਕ ਦੀ ਸਾਂਝੀ ਜ਼ਿੰਮੇਵਾਰੀ ਹੈ। ਬੱਚਿਆਂ ਰਾਹੀਂ ਸਫ਼ਾਈ ਦਾ ਸੁਨੇਹਾ ਘਰ-ਘਰ ਤੱਕ ਪਹੁੰਚਾਉਣ ਲਈ ਵੀ ਉਪਰਾਲੇ ਕੀਤੇ ਜਾ ਰਹੇ ਹਨ ਠੋਸ ਕੂੜਾ ਪ੍ਰਬੰਧਨ ਸਬੰਧੀ ਲੋਕਾਂ ਨੂੰ ਵਿਸਥਾਰ ਨਾਲ ਜਾਣਕਾਰੀ ਮੁਹਿੰਮ ਤਹਿਤ ਪਿੰਡਾਂ ਵਿੱਚ ਲੋਕਾਂ ਨੂੰ ਠੋਸ ਕੂੜਾ ਪ੍ਰਬੰਧਨ ਦੇ ਨਿਯਮਾਂ ਅਤੇ 4♣ ਦੇ ਸਿਧਾਂਤ ਬਾਰੇ ਵੀ ਜਾਗਰੂਕ ਕੀਤਾ ਜਾ ਰਿਹਾ ਹੈ। ਲੋਕਾਂ ਨੂੰ ਕੂੜੇ ਦੀ ਮਾਤਰਾ ਘਟਾਉਣ, ਮੁੜ ਵਰਤੋਂ ਯੋਗ ਵਸਤੂਆਂ ਦੀ ਮੁੜ ਵਰਤੋਂ ਕਰਨ, ਰੀਸਾਈਕਲ ਕਰਨ ਯੋਗ ਸਮੱਗਰੀ ਨੂੰ ਵੱਖਰਾ ਕਰਨ ਅਤੇ ਕੂੜੇ ਦੇ ਸਹੀ ਨਿਪਟਾਰੇ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ।ਇਸ ਤੋਂ ਇਲਾਵਾ ਪਿੰਡ ਵਾਸੀਆਂ ਨੂੰ ਘਰਾਂ ਵਿੱਚ ਬਣਨ ਵਾਲੇ ਗਿੱਲੇ ਕੂੜੇ ਦੀ ਸੰਭਵ ਹੱਦ ਤੱਕ ਘਰ ਪੱਧਰ ’ਤੇ ਸੰਭਾਲ ਕਰਨ ਅਤੇ ਸੁੱਕੇ ਕੂੜੇ ਨੂੰ ਵੱਖਰਾ ਕਰਕੇ ਨਿਰਧਾਰਤ ਪ੍ਰਬੰਧਨ ਪ੍ਰਣਾਲੀ ਰਾਹੀਂ ਨਿਪਟਾਉਣ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ।ਵਾਤਾਵਰਣ ਦੀ ਸੰਭਾਲ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਦਾ ਸੱਦਾ ਸਫ਼ਾਈ ਦੇ ਨਾਲ-ਨਾਲ ਵਾਤਾਵਰਣ ਦੀ ਸੰਭਾਲ ਨੂੰ ਵੀ ਮੁਹਿੰਮ ਦਾ ਅਹਿਮ ਹਿੱਸਾ ਬਣਾਇਆ ਗਿਆ ਹੈ। ਲੋਕਾਂ ਨੂੰ ਆਪਣੇ ਆਲੇ-ਦੁਆਲੇ ਵੱਧ ਤੋਂ ਵੱਧ ਰੁੱਖ ਲਗਾਉਣ ਅਤੇ ਉਨ੍ਹਾਂ ਦੀ ਸੰਭਾਲ ਕਰਨ ਲਈ ਜਾਗਰੂਕ ਕੀਤਾ ਜਾ ਰਿਹਾ ਹੈ। ਪਿੰਡ ਵਾਸੀਆਂ ਨੂੰ ਸਾਫ਼-ਸੁਥਰੇ ਵਾਤਾਵਰਣ, ਹਰਿਆਵਲ ਅਤੇ ਕੁਦਰਤੀ ਸਰੋਤਾਂ ਦੀ ਸੰਭਾਲ ਲਈ ਆਪਣਾ ਯੋਗਦਾਨ ਪਾਉਣ ਦੀ ਅਪੀਲ ਕੀਤੀ ਜਾ ਰਹੀ ਹੈ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ‘ਸਵੱਛਤਾ ਹੀ ਸੇਵਾ 2026’ ਮੁਹਿੰਮ ਨੂੰ ਸਿਰਫ਼ ਇੱਕ ਸਰਕਾਰੀ ਮੁਹਿੰਮ ਨਾ ਸਮਝਦੇ ਹੋਏ ਇਸ ਨੂੰ ਜਨ-ਅੰਦੋਲਨ ਦਾ ਰੂਪ ਦੇਣ। ਹਰ ਨਾਗਰਿਕ ਆਪਣੇ ਘਰ, ਗਲੀ, ਮੁਹੱਲੇ ਅਤੇ ਪਿੰਡ ਦੀ ਸਫ਼ਾਈ ਪ੍ਰਤੀ ਜ਼ਿੰਮੇਵਾਰੀ ਨਿਭਾਏ ਤਾਂ ਸਾਫ਼-ਸੁਥਰੇ ਅਤੇ ਸਿਹਤਮੰਦ ਪਿੰਡਾਂ ਦੀ ਸਿਰਜਣਾ ਕੀਤੀ ਜਾ ਸਕਦੀ ਹੈ।ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਬੰਧਤ ਵਿਭਾਗਾਂ ਨੂੰ ਮੁਹਿੰਮ ਤਹਿਤ ਸਫ਼ਾਈ ਅਤੇ ਜਾਗਰੂਕਤਾ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਜਾਰੀ ਰੱਖਣ ਅਤੇ ਵੱਧ ਤੋਂ ਵੱਧ ਲੋਕਾਂ ਦੀ ਭਾਗੀਦਾਰੀ ਯਕੀਨੀ ਬਣਾਉਣ ਲਈ ਵੀ ਦਿਸ਼ਾ-ਨਿਰਦੇਸ਼ ਦਿੱਤੇ ਗਏ ਹਨ।

**ਪਿੰਡਾਂ ਵਿੱਚ ਠੋਸ ਕੂੜਾ ਪ੍ਰਬੰਧਨ, ਸਫ਼ਾਈ ਅਤੇ ਵਾਤਾਵਰਣ ਸੰਭਾਲ ਸਬੰਧੀ ਲੋਕਾਂ ਨੂੰ ਕੀਤਾ ਜਾ ਰਿਹਾ ਜਾਗਰੂਕ**

ਸੰਤ ਬਾਬਾ ਸੱਜਣ ਸਿੰਘ ਗੁਰੂ ਕੀ ਬੇਰ ਬੋਪਾਰਾਏ ਵਾਲਿਆ ਨੇ

# ਖਾਲਸਾ ਕਾਲਜ ਅੰਮ੍ਰਿਤਸਰ ਨਵੇਂ ਸੈਸ਼ਨ ਦੀ ਕੀਤੀ ਆਰੰਭਤਾ



ਚੌਕ ਮਹਿਤਾ, 22 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ) ਖਾਲਸਾ ਕਾਲਜ ਅੰਮ੍ਰਿਤਸਰ ਵਿੱਚ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਕੇ ਸੰਤ ਬਾਬਾ ਸੱਜਣ ਸਿੰਘ ਜੀ ਗੁਰੂ ਕੀ ਬੇਰ ਬੋਪਾਰਾਏ ਵਾਲਿਆ ਨੇ ਨਵੇਂ ਸੈਸ਼ਨ ਦੀ ਸ਼ੁਰੂਆਤ ਕੀਤੀ। ਇਸ ਮੌਕੇ ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਇਲਾਵਾ ਸੈਕਟਰੀ ਰਜਿੰਦਰ ਮੋਹਨ ਸਿੰਘ ਛੀਨਾ, ਅਜਮੇਰ ਸਿੰਘ ਹੀਰਾ, ਗੁਰਪ੍ਰੀਤ ਸਿੰਘ ਗਿੱਲ ਲਖਵਿੰਦਰ ਸਿੰਘ ਢਿੱਲੋਂ, ਸੰਤੋਖ ਸਿੰਘ ਸੇਠੀ, ਡਾਕਟਰ ਮਹਿਲ ਸਿੰਘ ਵਾਈਸ ਚਾਂਸਲਰ ਖਾਲਸਾ ਯੂਨੀਵਰਸਿਟੀ, ਜਗਰੂਪ ਸਿੰਘ ਬੋਪਾਰਾਏ, ਸੁਖਵਿੰਦਰ ਸਿੰਘ ਭੀਲੋਵਾਲ, ਅਤੇ ਸਮੂਹ ਪ੍ਰੋਫੈਸਰ ਅਤੇ ਵਿਦਿਆਰਥੀ ਹਾਜ਼ਰ ਸਨ।

# ਡਾ: ਵਿਜੈ ਸਤਬੀਰ ਸਿੰਘ ਅਤੇ ਹੋਰਨਾਂ ਵਲੋਂ ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨਾਲ ਕੀਤੀ ਮੁਲਕਾਤ



**ਚੌਕ ਮਹਿਤਾ, 21 ਸਿਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਤਖ਼ਤ ਸ੍ਰੀ ਸੱਚਖੰਡ ਹਜ਼ੂਰ ਸਾਹਿਬ ਨਾਂਦੇੜ ਦੇ ਪ੍ਰਸ਼ਾਸਕ ਡਾ. ਵਿਜੇ ਸਤਬੀਰ ਸਿੰਘ, ਸਲਾਹਕਾਰ ਜਸਵੰਤ ਸਿੰਘ ਬੌਬੀ, ਇੰਟਰਨੈਸ਼ਨਲ ਕੌਂਸਲ ਆਫ਼ ਪੰਜਾਬਿਜ਼ ਦੇ ਸਕੱਤਰ ਗੁਰਮੀਤ ਸਿੰਘ ਅਤੇ ਪੰਜਾਬੀ ਪ੍ਰਮੋਸ਼ਨ ਕੌਂਸਲ ਦੇ ਮੁੱਖ ਸਰਪ੍ਰਸਤ ਐਮ.ਪੀ. ਸਿੰਘ ਨੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਨਾਲ ਮੁਲਾਕਾਤ ਕੀਤੀ ਮਹਾਰਾਸ਼ਟਰ ਸਰਕਾਰ ਦਾ ਮਹਾਰਾਸ਼ਟਰ ਵਿੱਚ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਤਾਬਦੀ ਮਨਾਉਣ ਲਈ ਧੰਨਵਾਦ ਕੀਤਾ। ਆਉਣ ਵਾਲੇ ਦਿਨਾਂ ਵਿੱਚ ਮਹਾਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦਾ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਤਾਬਦੀ ਮਨਾਉਣ ਲਈ ਦਿੱਲੀ ਵਿੱਚ ਧੰਨਵਾਦ ਕੀਤਾ ਜਾਵੇਗਾ।

# ਸਮਾਜ ਸੇਵਾ ਤੇ ਸਿੱਖਿਆ ਦੇ ਖੇਤਰ ਵਿੱਚ ਯੋਗਦਾਨ ਲਈ ਦਲਜੀਤ ਸਿੰਘ ਸਿੱਧੂ ਨੂੰ ਬੈਸਟ ਟੀਚਰ ਅਵਾਰਡ ਨਾਲ ਕੀਤਾ ਸਨਮਾਨਿਤ




ਫ਼ਿਰੋਜ਼ਪੁਰ, 22 ਸਤੰਬਰ (ਮਨੋਹਰ ਲਾਲ) :— ਸਿੱਖਿਆ ਦੇ ਖੇਤਰ ਵਿੱਚ ਆਪਣੀਆਂ ਜ਼ਿੰਮੇਵਾਰੀਆਂ ਨੂੰ ਬਾਖੂਬੀ ਨਿਭਾਉਣ ਦੇ ਨਾਲ—ਨਾਲ ਲੰਮੇ ਸਮੇਂ ਤੋਂ ਸਮਾਜ ਸੇਵਾ ਨੂੰ ਸਮਰਪਿਤ ਰਹਿਣ ਵਾਲੇ ਅਧਿਆਪਕ ਅਤੇ ਸਮਾਜ ਸੇਵਕ ਦਲਜੀਤ ਸਿੰਘ ਸਿੱਧੂ ਨੂੰ ਉਨ੍ਹਾਂ ਦੀਆਂ ਸੇਵਾਵਾਂ ਦੇ ਸਨਮਾਨ ਵਜੋਂ ਕਬੀਰਾ ਫਾਊਂਡੇਸ਼ਨ ਵੱਲੋਂ ‘ਬੈਸਟ ਟੀਚਰ ਅਵਾਰਡ’ ਨਾਲ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਉਨ੍ਹਾਂ ਵੱਲੋਂ ਸਿੱਖਿਆ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਨਿਭਾਈ ਜਾ ਰਹੀ ਦੋਹਰੀ ਜ਼ਿੰਮੇਵਾਰੀ ਦੀ ਇੱਕ ਮਹੱਤਵਪੂਰਨ ਮਾਨਤਾ ਵਜੋਂ ਦੇਖਿਆ ਜਾ ਰਿਹਾ ਹੈ। ਜ਼ਿਕਰਯੋਗ ਹੈ ਕਿ ਦਲਜੀਤ ਸਿੰਘ ਸਿੱਧੂ ਪਿਛਲੇ ਲੰਮੇ ਸਮੇਂ ਤੋਂ ਸਾਈ ਮੀਆਂ ਮੀਰ ਫਾਊਂਡੇਸ਼ਨ ਦੇ ਮਾਧਿਅਮ ਰਾਹੀਂ ਲੋੜਵੰਦ ਅਤੇ ਆਰਥਿਕ ਤੌਰ ’ਤੇ ਕਮਜ਼ੋਰ ਵਰਗਾਂ ਦੀ ਸਹਾਇਤਾ ਲਈ ਵੱਖ—ਵੱਖ ਸੇਵਾ ਕਾਰਜ ਕਰ ਰਹੇ ਹਨ ਅਤੇ ਸਾਲ 2005 ਤੋਂ ਸਮਾਜ ਸੇਵਾ ਦੇ ਖੇਤਰ ਵਿੱਚ ਸਰਗਰਮ ਰਹਿੰਦਿਆਂ ਫਾਊਂਡੇਸ਼ਨ ਵੱਲੋਂ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਮੁਹੱਈਆ ਕਰਵਾਉਣ, ਗਰੀਬ ਅਤੇ ਲੋੜਵੰਦ ਬੱਚਿਆਂ ਦੀ ਸਕੂਲੀ ਫੀਸ ਭਰਨ, ਕਿਤਾਬਾਂ ਅਤੇ ਹੋਰ ਸਿੱਖਿਆ ਸਮੱਗਰੀ ਮੁਹੱਈਆ ਕਰਵਾਉਣ ਤੋਂ ਇਲਾਵਾ ਜ਼ਰੂਰਤਮੰਦ ਮਰੀਜ਼ਾਂ ਦੇ ਇਲਾਜ ਲਈ ਆਰਥਿਕ ਸਹਾਇਤਾ ਕੀਤੀ ਜਾਂਦੀ ਰਹੀ ਹੈ। ਇਸ ਤੋਂ ਇਲਾਵਾ ਫਾਊਂਡੇਸ਼ਨ ਵੱਲੋਂ ਮੁਫ਼ਤ ਅੱਖਾਂ ਦੇ ਜਾਂਚ ਕੈਂਪ, ਖ਼ੂਨਦਾਨ ਕੈਂਪ, ਵਾਤਾਵਰਨ ਸੰਭਾਲ ਲਈ ਬੂਟੇ ਲਗਾਉਣ, ਸਕੂਲਾਂ ਵਿੱਚ ਵਾਤਾਵਰਨ ਪ੍ਰਤੀ ਜਾਗਰੂਕਤਾ ਪੈਦਾ ਕਰਨ ਅਤੇ ਹੋਰ ਲੋਕ ਭਲਾਈ ਦੇ ਕਾਰਜ ਲਗਾਤਾਰ ਕੀਤੇ ਜਾ ਰਹੇ ਹਨ। ਕੁਦਰਤੀ ਆਫ਼ਤਾਂ ਦੇ ਸਮੇਂ ਵੀ ਲੋੜਵੰਦ ਲੋਕਾਂ ਤੱਕ ਰਾਸ਼ਨ, ਦਵਾਈਆਂ, ਕੱਪੜੇ ਅਤੇ ਹੋਰ ਜ਼ਰੂਰੀ ਸਾਮਾਨ ਪਹੁੰਚਾਉਣ ਲਈ ਸੇਵਾ ਕਾਰਜ ਕੀਤੇ ਗਏ ਹਨ। ਅਧਿਆਪਕ ਦਲਜੀਤ ਸਿੰਘ ਸਿੱਧੂ ਦਾ ਮੰਨਣਾ ਹੈ ਕਿ ਅਧਿਆਪਕ ਦੀ ਭੂਮਿਕਾ ਸਿਰਫ਼ ਬੱਚਿਆਂ ਨੂੰ ਕਿਤਾਬੀ ਗਿਆਨ ਦੇਣ ਤੱਕ ਸੀਮਤ ਨਹੀਂ ਹੁੰਦੀ, ਸਗੋਂ ਉਨ੍ਹਾਂ ਅੰਦਰ ਮਨੁੱਖਤਾ, ਹਮਦਰਦੀ, ਜ਼ਿੰਮੇਵਾਰੀ ਅਤੇ ਸਮਾਜ ਪ੍ਰਤੀ ਆਪਣਾ ਫਰਜ਼ ਨਿਭਾਉਣ ਦੀ ਭਾਵਨਾ ਪੈਦਾ ਕਰਨਾ ਵੀ ਅਧਿਆਪਕ ਦੀ ਮਹੱਤਵਪੂਰਨ ਜ਼ਿੰਮੇਵਾਰੀ ਹੈ। ਉਨ੍ਹਾਂ ਅਨੁਸਾਰ ਸਿੱਖਿਆ ਦਾ ਅਸਲ ਮਕਸਦ ਅਜਿਹੇ ਨੌਜਵਾਨ ਤਿਆਰ ਕਰਨਾ ਹੈ ਜੋ ਆਪਣੇ ਜੀਵਨ ਵਿੱਚ ਸਫ਼ਲ ਹੋਣ ਦੇ ਨਾਲ—ਨਾਲ ਸਮਾਜ ਲਈ ਵੀ ਲਾਭਦਾਇਕ ਸਾਬਤ ਹੋਣ। ਅਵਾਰਡ ਪ੍ਰਾਪਤ ਕਰਨ ਉਪਰੰਤ ਦਲਜੀਤ ਸਿੰਘ ਸਿੱਧੂ ਨੇ ਕਿਹਾ ਕਿ ਉਹ ਇਸ ਸਨਮਾਨ ਨੂੰ ਆਪਣੀ ਨਿੱਜੀ ਪ੍ਰਾਪਤੀ ਨਹੀਂ ਮੰਨਦੇ, ਇਹ ਸਨਮਾਨ ਉਨ੍ਹਾਂ ਸਾਰੇ ਸਹਿਯੋਗੀਆਂ, ਅਧਿਆਪਕ ਸਾਥੀਆਂ, ਸੇਵਾਦਾਰਾਂ ਅਤੇ ਉਨ੍ਹਾਂ ਬੱਚਿਆਂ ਨੂੰ ਸਮਰਪਿਤ ਹੈ, ਜਿਨ੍ਹਾਂ ਨਾਲ ਜੁੜ ਕੇ ਸੇਵਾ ਦੇ ਕਾਰਜ ਕਰਨ ਦਾ ਮੌਕਾ ਮਿਲਦਾ ਹੈ। ਉਨ੍ਹਾਂ ਕਿਹਾ ਕਿ ਲੋੜਵੰਦ ਦੇ ਚਿਹਰੇ ’ਤੇ ਆਈ ਮੁਸਕਰਾਹਟ ਅਤੇ ਕਿਸੇ ਬੱਚੇ ਦੀ ਪੜ੍ਹਾਈ ਜਾਰੀ ਰਹਿਣ ਵਿੱਚ ਮਿਲੀ ਮਦਦ ਹੀ ਉਨ੍ਹਾਂ ਲਈ ਸਭ ਤੋਂ ਵੱਡਾ ਸਨਮਾਨ ਹੈ। ਉਨ੍ਹਾਂ ਕਿਹਾ ਕਿ ਮਿਲਿਆ ਇਹ ਸਨਮਾਨ ਉਨ੍ਹਾਂ ਨੂੰ ਅੱਗੇ ਵੀ ਸਿੱਖਿਆ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਹੋਰ ਵਧੇਰੇ ਉਤਸ਼ਾਹ ਅਤੇ ਜ਼ਿੰਮੇਵਾਰੀ ਨਾਲ ਕੰਮ ਕਰਨ ਲਈ ਪ੍ਰੇਰਿਤ ਕਰੇਗਾ। ਇਸ ਮੌਕੇ ਵੱਖ—ਵੱਖ ਸਮਾਜਿਕ, ਧਾਰਮਿਕ ਅਤੇ ਸਿੱਖਿਆ ਸੰਸਥਾਵਾਂ ਨਾਲ ਜੁੜੀਆਂ ਸ਼ਖ਼ਸੀਅਤਾਂ ਵੱਲੋਂ ਦਲਜੀਤ ਸਿੰਘ ਸਿੱਧੂ ਨੂੰ ‘ਬੈਸਟ ਟੀਚਰ ਅਵਾਰਡ’ ਮਿਲਣ ’ਤੇ ਵਧਾਈ ਦਿੰਦਿਆਂ ਉਨ੍ਹਾਂ ਦੀਆਂ ਸਮਾਜ ਸੇਵੀ ਗਤੀਵਿਧੀਆਂ ਦੀ ਸ਼ਲਾਘਾ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ''ਸਾਡੇ ਪ੍ਰਬੰਧ 'ਤੇ ਸਵਾਲ ਉਠੇ, ਪਰ ਜਾਂਚ ਵੀ ਸਾਡੀ ਕਮੇਟੀ ਹੀ ਕਰੇਗੀ, ਸੰਗਤ ਪੰਦਰਾਂ ਦਿਨ ਚੁੱਪ ਰਹੇ''

# ਵਾਹ ਧਾਮੀ ਸਾਬ ਤੁਹਾਡੀ ਤਾਨਾਸ਼ਾਹੀ ! - ਗਿਆਨੀ ਹਰਪ੍ਰੀਤ ਸਿੰਘ



**ਚੰਡੀਗੜ੍ਹ, 22 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਸ੍ਰੀ ਆਨੰਦਪੁਰ ਸਾਹਿਬ ਵਿੱਚ ਵਾਪਰੇ ਜਿਣਸੀ ਸੋਸ਼ਣ ਮਾਮਲੇ 'ਤੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੇ ਆਏ ਬਿਆਨ 'ਤੇ ਪ੍ਰਤੀਕਿਰਿਆ ਦਿੰਦਿਆ ਤਨਜ਼ ਕੱਸਿਆ ਕਿ ਧਾਮੀ ਸਾਹਿਬ ਕਹਿ ਰਹੇ ਹਨ, "ਸਾਡਾ ਗੁਰਦੁਆਰਾ ਸਾਹਿਬ ਪ੍ਰਬੰਧ, ਸਾਡੇ ਮੈਂਬਰ ਤੇ ਦੋਸ਼ ਲੱਗੇ, ਸਾਡੇ ਪ੍ਰਬੰਧ ਅਧੀਨ ਸਰਾਂ ਚ ਬੀਬੀ ਛੇ ਮਹੀਨੇ ਰਹੀ, ਸਾਡੇ ਤੋਂ ਸੰਗਤ ਜੁਆਬ ਮੰਗ ਰਹੀ ਹੈ, ਇਸ ਲਈ ਸਾਡੀ ਕਮੇਟੀ ਹੀ ਜਾਂਚ ਕਰੇਗੀ। ਕਮੇਟੀ ਵਿੱਚ ਕੋਈ ਵਿਰੋਧੀ ਧਿਰ ਦਾ ਮੈਂਬਰ ਸ਼ਾਮਲ ਨਹੀ। ਮਤਲਬ ਕਿ ਮੁਲਜ਼ਮ ਵੀ ਸਾਡਾ, ਪੜਤਾਲ ਵੀ ਸਾਡੀ ਤੇ ਫੈਸਲਾ ਵੀ ਸਾਡਾ ਹੀ ਹੋਵੇਗਾ। ਬੱਸ ਸੰਗਤਾਂ ਨੂੰ ਪੰਦਰਾਂ ਦਿਨ ਚੁੱਪ ਰਹਿਣ ਦੀ ਨਸੀਹਤ ਕੀਤੀ ਗਈ ਹੈ। ਬਹੁਤ ਖੂਬ ਧਾਮੀ ਸਾਬ।" ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਵੀ ਆਈ ਪੀ ਸਰਾਂ ਵਿੱਚ ਕਮਰਾ ਲੈ ਕੇ ਰਹਿ ਰਹੀ ਬੀਬੀ ਨੂੰ ਗੱਡੀ, ਡਰਾਈਵਰ ਅਤੇ ਸੇਵਾਦਾਰ ਦੇਣ ਦੀਆਂ ਗੱਲਾਂ ਸਾਹਮਣੇ ਆ ਰਹੀਆਂ ਹਨ ਪਰ ਕਮੇਟੀ ਪ੍ਰਧਾਨ ਕਹਿ ਰਹੇ ਹਨ ਕਿ ਉਹਨਾਂ ਨੂੰ ਇਸ ਦੀ ਕੋਈ ਜਾਣਕਾਰੀ ਹੀ ਨਹੀਂ ਸੀ। ਫਿਰ ਉਹ ਇਹ ਦੱਸਣ ਕਿ ਉਹਨਾਂ ਤੋਂ ਇਲਾਵਾ ਗੁਰਦੁਆਰਾ ਪ੍ਰਬੰਧ ਵਿੱਚ ਏਨਾ ਸਮਰੱਥ ਅਧਿਕਾਰੀ ਹੋਰ ਕੌਣ ਹੈ ਜਿਸ ਨੇ ਬੀਬੀ ਨੂੰ ਉਹ ਸਾਰੀਆਂ ਸਹੂਲਤਾਂ ਦੇਣ ਦਾ ਫੈਸਲਾ ਲਿਆ। ਕੇਸਗੜ੍ਹ ਸਾਹਿਬ ਦਾ ਮੈਨੇਜਰ ਤਾਂ ਇਹ ਫੈਸਲਾ ਨਹੀਂ ਲੈ ਸਕਦਾ। ਅਕਾਲੀ ਦਲ ਬਾਦਲ ਦੇ ਜ਼ਿੰਮੇਵਾਰ ਆਗੂ ਸਬੂਤਾਂ ਨਾਲ ਕਹਿ ਰਹੇ ਹਨ ਕਿ ਬੀਬੀ ਦਾ ਚਾਲ-ਚਲਣ ਬਹੁਤ ਮਾੜਾ ਹੈ। ਫਿਰ ਉਸ ਬੀਬੀ ਨੂੰ ਮਹੀਨਿਆ ਤੱਕ ਸਰਾਂ ਵਿੱਚ ਰੱਖਣ ਦਾ ਫੈਸਲਾ ਜੇ ਪ੍ਰਧਾਨ ਸਾਹਿਬ ਦੀ ਜਾਣਕਾਰੀ ਵਿੱਚ ਨਹੀ ਸੀ ਤਾਂ ਉਹਨਾਂ ਨੂੰ ਪ੍ਰਧਾਨਗੀ ਤੋਂ ਤੁਰੰਤ ਲਾਂਭੇ ਹੋ ਜਾਣਾ ਚਾਹੀਦਾ ਹੈ। ਉਹ ਬੀਬੀ ਤਾਂ ਮਜਿਸਟ੍ਰੇਟ ਸਾਹਮਣੇ ਬਿਆਨ ਦਰਜ ਕਰਵਾ ਚੁੱਕੀ ਹੈ ਕਿ ਉਸਨੇ ਧਾਮੀ ਸਾਹਿਬ ਤੱਕ ਉਹਨਾਂ ਦੇ ਪੀ ਏ ਰਾਹੀਂ ਪਹੁੰਚ ਕੀਤੀ ਸੀ। ਹੁਣ ਵੀ ਅਕਾਲੀ ਦਲ ਬਾਦਲ ਦੀ ਇਕ ਮਹਿਲਾ ਆਗੂ ਉਸ ਬੀਬੀ ਨੂੰ ਮੀਡੀਆ 'ਤੇ ਲੈ ਕੇ ਆਈ। ਉਹਨਾਂ ਨੂੰ ਉਸ ਬੀਬੀ ਨਾਲ ਵੀਡੀਓ ਸ਼ੂਟ ਕਰ ਕੇ ਇਹ ਬਿਆਨ ਦਿਵਾਉਣ ਦੀ ਏਨੀ ਕਾਹਲੀ ਕਿਉਂ ਸੀ ਕਿ ਅਕਾਲੀ ਦਲ ਦੇ ਪ੍ਰਧਾਨ ਅਤੇ ਐਸ ਜੀ ਪੀ ਸੀ ਪ੍ਰਧਾਨ ਨੇ ਮੇਰੀ ਬਹੁਤ ਮਦਦ ਕੀਤੀ। ਗਿਆਨੀ ਹਰਪ੍ਰੀਤ ਸਿੰਘ ਨੇ ਸਵਾਲ ਉਠਾਇਆ ਕਿ ਧਾਮੀ ਸਾਬ ਕਹਿ ਰਹੇ ਹਨ ਕਿ ਬੀਬੀ ਮੈਨੂੰ ਇਕ ਦੋ ਵਾਰ ਮਿਲੀ ਹੈ। ਫਿਰ ਉਹਨਾਂ ਨੇ ਬੀਬੀ ਨੂੰ ਇਹ ਕਿਉਂ ਨਹੀਂ ਪੁੱਛਿਆ ਕਿ ਉਹ ਆਪਣਾ ਘਰ ਬਾਹਰ ਛੱਡ ਕੇ ਵੀ ਆਈ ਪੀ ਸਰਾਂ ਵਿੱਚ ਕੀਹਦੇ ਹੁਕਮ ਨਾਲ ਬੈਠੀ ਹੈ ਅਤੇ ਸਹੂਲਤਾਂ ਮਾਣ ਰਹੀ ਹੈ ? ਧਾਮੀ ਸਾਹਿਬ ਸੰਗਤਾਂ ਨੂੰ ਇਹਨਾਂ ਗੱਲਾਂ ਦਾ ਜਵਾਬ ਤਾਂ ਦੇਣਾ ਹੀ ਪਵੇਗਾ ਕਿ ਇਸ ਸਾਰੇ ਡਰਾਮੇ ਪਿੱਛੇ ਕੀ ਛੁਪਾਇਆ ਜਾ ਰਿਹਾ ਹੈ। ਕਿਉਂਕਿ ਇਸੇ ਤਰਾਂ ਦੇ ਬਦਕਾਰੀ ਦੇ ਮਾਮਲਿਆਂ ਬਾਦ ਹੀ ਸਾਡੇ ਪੁਰਖਿਆਂ ਨੇ ਗੁਰਦੁਆਰਾ ਸੁਧਾਰ ਲਹਿਰ ਸ਼ੁਰੂ ਕੀਤੀ ਸੀ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

### ਲਖੀਮਪੁਰ ਖੀਰੀ ਹਿੰਸਾ ਮਾਮਲਾ: ਟਰਾਇਲ ਜੱਜ 'ਤੇ ਲੱਗੇ ਦੋਸ਼ਾਂ ਦੀ ਰਿਪੋਰਟ ਤਲਬ

# ਅਲਾਹਾਬਾਦ ਹਾਈ ਕੋਰਟ ਦੇ ਮੁੱਖ ਜੱਜ ਨੂੰ ਜਾਂਚ ਦੇ ਹੁਕਮ



**ਕਿਸਾਨਾਂ ਦੇ ਪ੍ਰਦਰਸ਼ਨ ਦੌਰਾਨ ਅੱਠ ਲੋਕਾਂ ਦੀ ਹੋਈ ਸੀ ਮੌਤ**

**ਨਵੀਂ ਦਿੱਲੀ, 22 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**:-2021 ਦੇ ਲਖੀਮਪੁਰ ਖੀਰੀ ਹਿੰਸਾ ਮਾਮਲੇ ਦੀ ਸੁਣਵਾਈ ਕਰ ਰਹੀ ਹੇਠਲੀ ਅਦਾਲਤ ਦੇ ਜੱਜ 'ਤੇ ਪੀੜਤਾਂ ਵੱਲੋਂ ਲਗਾਏ ਗਏ ਗੰਭੀਰ ਦੋਸ਼ਾਂ ਦਾ ਸੁਪਰੀਮ ਕੋਰਟ ਨੇ ਨੋਟਿਸ ਲੈਂਦਿਆਂ ਅਲਾਹਾਬਾਦ ਹਾਈ ਕੋਰਟ ਤੋਂ ਰਿਪੋਰਟ ਤਲਬ ਕੀਤੀ ਹੈ। ਇਸ ਮਾਮਲੇ ਵਿੱਚ ਸਾਬਕਾ ਕੇਂਦਰੀ ਮੰਤਰੀ ਅਜੇ ਮਿਸ਼ਰਾ ਦੇ ਪੁੱਤਰ ਆਸ਼ੀਸ਼ ਮਿਸ਼ਰਾ ਮੁੱਖ ਮੁਲਜ਼ਮਾਂ ਵਿੱਚ ਸ਼ਾਮਲ ਹਨ। ਮੰਗਲਵਾਰ ਨੂੰ ਚੀਫ਼ ਜਸਟਿਸ ਆਫ਼ ਇੰਡੀਆ ਸੂਰਿਆ ਕਾਂਤ, ਜਸਟਿਸ ਜੋਯਮਾਲਿਆ ਬਾਗਚੀ ਅਤੇ ਜਸਟਿਸ ਵੀ. ਮੋਹਨਾ ਦੀ ਬੈਂਚ ਸਾਹਮਣੇ ਪੀੜਤਾਂ ਵੱਲੋਂ ਪੇਸ਼ ਹੋਏ ਵਕੀਲ ਪ੍ਰਸ਼ਾਂਤ ਭੂਸ਼ਣ ਨੇ ਟਰਾਇਲ ਜੱਜ ਦੇ ਕੰਮਕਾਜ ਸਬੰਧੀ ਕਈ ਗੰਭੀਰ ਇਤਰਾਜ਼ ਉਠਾਏ। ਭੂਸ਼ਣ ਨੇ ਦੋਸ਼ ਲਾਇਆ ਕਿ ਟਰਾਇਲ ਜੱਜ ਨੇ ਕੁਝ ਅਜਿਹੇ ਕੇਸ ਵੀ ਆਪਣੇ ਕੋਲ ਲਏ ਜੋ ਹੋਰ ਅਦਾਲਤਾਂ ਨੂੰ ਸੌਂਪੇ ਗਏ ਸਨ ਅਤੇ ਉਨ੍ਹਾਂ ਮਾਮਲਿਆਂ ਵਿੱਚ ਮੁਲਜ਼ਮਾਂ ਨੂੰ ਰਾਹਤ ਵੀ ਦਿੱਤੀ ਗਈ। ਉਨ੍ਹਾਂ ਖਾਸ ਤੌਰ 'ਤੇ ਨਾਰਕੋਟਿਕ ਡਰੱਗਜ਼ ਐਂਡ ਸਾਈਕੋਟ੍ਰੋਪਿਕ ਸਬਸਟੈਂਸਿਜ਼ ਐਕਟ (ਐਨਡੀਪੀਐਸ) ਅਤੇ ਐਸਸੀ-ਐਸਟੀ ਐਕਟ ਨਾਲ ਸਬੰਧਤ ਮਾਮਲਿਆਂ ਦਾ ਜ਼ਿਕਰ ਕੀਤਾ। ਪੀੜਤਾਂ ਦੇ ਵਕੀਲ ਨੇ ਇਹ ਦੋਸ਼ ਵੀ ਲਾਇਆ ਕਿ ਲਖੀਮਪੁਰ ਖੀਰੀ ਹਿੰਸਾ ਨਾਲ ਸਬੰਧਤ ਮਹੱਤਵਪੂਰਨ ਸਾਈਟ ਪਲਾਨ ਟਰਾਇਲ ਕੋਰਟ ਦੇ ਰਿਕਾਰਡ ਵਿੱਚੋਂ ਗਾਇਬ ਹੋ ਗਿਆ ਹੈ ਅਤੇ ਇਸ ਦੇ ਗੁੰਮ ਹੋਣ ਸਬੰਧੀ ਅਦਾਲਤੀ ਪ੍ਰਕਿਰਿਆ ਵੀ ਠੀਕ ਤਰੀਕੇ ਨਾਲ ਨਹੀਂ ਅਪਣਾਈ ਗਈ। ਸੁਪਰੀਮ ਕੋਰਟ ਨੇ ਅਲਾਹਾਬਾਦ ਹਾਈ ਕੋਰਟ ਦੇ ਚੀਫ਼ ਜਸਟਿਸ ਅਰੁਣ ਭੰਸਾਲੀ ਨੂੰ ਇਨ੍ਹਾਂ ਦੋਸ਼ਾਂ ਦੀ ਜਾਂਚ ਕਰਕੇ ਰਿਪੋਰਟ ਪੇਸ਼ ਕਰਨ ਲਈ ਕਿਹਾ ਹੈ। ਅਦਾਲਤ ਨੇ ਹੁਕਮ ਦਿੱਤਾ ਕਿ ਪੀੜਤਾਂ ਵੱਲੋਂ ਦਾਇਰ ਅਰਜ਼ੀ ਦੀ ਕਾਪੀ ਹਾਈ ਕੋਰਟ ਦੇ ਚੀਫ਼ ਜਸਟਿਸ ਕੋਲ ਭੇਜੀ ਜਾਵੇ ਅਤੇ ਅਗਲੀ ਸੁਣਵਾਈ ਤੋਂ ਪਹਿਲਾਂ ਰਿਪੋਰਟ ਸੀਲਬੰਦ ਲਿਫ਼ਾਫ਼ੇ ਵਿੱਚ ਸੁਪਰੀਮ ਕੋਰਟ ਸਾਹਮਣੇ ਪੇਸ਼ ਕੀਤੀ ਜਾਵੇ। ਪ੍ਰਸ਼ਾਂਤ ਭੂਸ਼ਣ ਨੇ ਟਰਾਇਲ ਜੱਜ ਨੂੰ ਮਾਮਲੇ ਦੀ ਸੁਣਵਾਈ ਤੋਂ ਹਟਾਉਣ ਦੀ ਮੰਗ ਵੀ ਕੀਤੀ ਅਤੇ ਕਿਹਾ ਕਿ ਜੇਕਰ ਮੌਜੂਦਾ ਜੱਜ ਹੀ ਸੁਣਵਾਈ ਜਾਰੀ ਰੱਖਦੇ ਹਨ ਤਾਂ ਨਿਆਂ ਦੇ ਗੰਭੀਰ ਤੌਰ 'ਤੇ ਪ੍ਰਭਾਵਿਤ ਹੋਣ ਦਾ ਖਦਸ਼ਾ ਹੈ। ਇਸ ਤੋਂ ਇਲਾਵਾ ਪੀੜਤਾਂ ਦੇ ਵਕੀਲ ਨੇ ਦੱਸਿਆ ਕਿ ਮਾਮਲੇ ਵਿੱਚ ਸਰਕਾਰੀ ਵਕੀਲ ਨੂੰ ਹਾਲ ਹੀ ਵਿੱਚ ਬਦਲਿਆ ਗਿਆ ਹੈ ਅਤੇ ਨਵੇਂ ਸਰਕਾਰੀ ਵਕੀਲ ਕੋਲ ਕਰੀਬ ਚਾਰ ਮਹੀਨਿਆਂ ਦਾ ਹੀ ਤਜਰਬਾ ਹੈ। ਇਸ 'ਤੇ ਸੁਪਰੀਮ ਕੋਰਟ ਨੇ ਉੱਤਰ ਪ੍ਰਦੇਸ਼ ਸਰਕਾਰ ਨੂੰ ਨਿਰਦੇਸ਼ ਦਿੱਤਾ ਕਿ ਉਹ ਦੋ ਹਫ਼ਤਿਆਂ ਅੰਦਰ ਹਲਫ਼ਨਾਮਾ ਦਾਇਰ ਕਰਕੇ ਦੱਸੇ ਕਿ ਇਸ ਮਾਮਲੇ ਲਈ ਕਿਹੜੇ ਸੀਨੀਅਰ ਅਤੇ ਤਜਰਬੇਕਾਰ ਸਰਕਾਰੀ ਵਕੀਲ ਦੀ ਨਿਯੁਕਤੀ ਕੀਤੀ ਜਾ ਸਕਦੀ ਹੈ। ਇਥੇ ਦਸਣਯੋਗ ਹੈ ਕਿ 3 ਅਕਤੂਬਰ 2021 ਨੂੰ ਉੱਤਰ ਪ੍ਰਦੇਸ਼ ਦੇ ਲਖੀਮਪੁਰ ਖੀਰੀ ਜ਼ਿਲ੍ਹੇ ਦੇ ਤਿਕੋਨੀਆ ਇਲਾਕੇ ਵਿੱਚ ਕਿਸਾਨਾਂ ਦੇ ਪ੍ਰਦਰਸ਼ਨ ਦੌਰਾਨ ਹਿੰਸਾ ਭੜਕ ਗਈ ਸੀ। ਇਸ ਘਟਨਾ ਵਿੱਚ ਕੁੱਲ ਅੱਠ ਲੋਕਾਂ ਦੀ ਮੌਤ ਹੋਈ ਸੀ, ਜਿਨ੍ਹਾਂ ਵਿੱਚ ਚਾਰ ਕਿਸਾਨ ਸ਼ਾਮਲ ਸਨ। ਦੋਸ਼ ਹੈ ਕਿ ਇੱਕ ਐਸਯੂਵੀ ਨੇ ਚਾਰ ਕਿਸਾਨਾਂ ਨੂੰ ਕੁਚਲ ਦਿੱਤਾ। ਇਸ ਤੋਂ ਬਾਅਦ ਹੋਈ ਹਿੰਸਾ ਵਿੱਚ ਇੱਕ ਡਰਾਈਵਰ ਅਤੇ ਦੋ ਭਾਜਪਾ ਵਰਕਰਾਂ ਦੀ ਮੌਤ ਹੋਈ। ਇੱਕ ਪੱਤਰਕਾਰ ਦੀ ਵੀ ਜਾਨ ਚਲੀ ਗਈ ਸੀ। ਇਸ ਮਾਮਲੇ ਵਿੱਚ ਆਸ਼ੀਸ਼ ਮਿਸ਼ਰਾ, ਜੋ ਸਾਬਕਾ ਕੇਂਦਰੀ ਮੰਤਰੀ ਅਜੇ ਮਿਸ਼ਰਾ ਦੇ ਪੁੱਤਰ ਹਨ, ਮੁੱਖ ਮੁਲਜ਼ਮਾਂ ਵਿੱਚ ਸ਼ਾਮਲ ਹਨ। ਮਾਮਲੇ ਦੀ ਸੁਣਵਾਈ ਦੌਰਾਨ ਹੁਣ ਟਰਾਇਲ ਜੱਜ ਵਿਰੁੱਧ ਲਗਾਏ ਗਏ ਦੋਸ਼ਾਂ ਦੀ ਜਾਂਚ ਲਈ ਸੁਪਰੀਮ ਕੋਰਟ ਵੱਲੋਂ ਅਲਾਹਾਬਾਦ ਹਾਈ ਕੋਰਟ ਤੋਂ ਰਿਪੋਰਟ ਮੰਗਵਾਉਣ ਨੂੰ ਅਹਿਮ ਕਦਮ ਮੰਨਿਆ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਅਧਿਆਪਕਾਂ ਵੱਲੋਂ 8 ਦਿਨ੍ਹਾਂ ਤੋਂ ਸਕੂਲ ਅੰਦਰ ਧਰਨਾ ਜਾਰੀ, ਮਾਮਲਾ ਸਨਿਓਰਿਟੀ ਨੂੰ ਨਜ਼ਰ ਅੰਦਾਜ਼ ਕਰ ਪ੍ਰਿੰਸੀਪਲ ਦੀ ਨਵੀਂ ਨਿਯੁਕਤੀ ਦਾ



**ਚੌਕ ਮਹਿਤਾ, 22ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਾਂ ਹੇਠ ਚੱਲ ਰਹੀ ਸੰਸਥਾ ਗੁਰੂ ਤੇਗ ਬਹਾਦਰ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਬਾਬਾ ਬਕਾਲਾ ਸਾਹਿਬ ਵਿਖੇ ਬੀਤੇ ਦਿਨ ਪ੍ਰਿੰਸੀਪਲ ਦੀ ਰਿਟਾਇਰਮੈਂਟ ਹੋ ਜਾਣ ਤੋਂ ਬਾਅਦ ਨਵੀਂ ਨਿਯੁਕਤੀ ਨੂੰ ਲੈ ਕੇ ਵਿਵਾਦ ਖੜਾ ਹੁੰਦਾ ਹੋਇਆ ਨਜ਼ਰ ਆ ਰਿਹਾ ਹੈ। ਜਿਸ ਦਾ ਕਾਰਨ ਹੈ ਕਿ ਸਕੂਲ ਅਧਿਆਪਕਾਂ ਵਿਚ ਰੋਸ ਹੈ ਕਿ ਪ੍ਰਿੰਸੀਪਲ ਦੀ ਰਿਟਾਇਰਮੈਂਟ ਤੋਂ ਬਾਅਦ ਸਨਿਓਰਟੀ ਨੂੰ ਨਜ਼ਰ ਅੰਦਾਜ਼ ਕਰਦਿਆਂ 06 ਲੈਕਚਰਾਰਾਂ ਦੇ ਹੁੰਦਿਆਂ ਵੀ ਦਸਵੇਂ ਨੰਬਰ ਦੇ ਅਧਿਆਪਕ ਨੂੰ ਬਤੌਰ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਜਿਸਦੇ ਰੋਸ ਵਜੋਂ ਅਧਿਆਪਕ ਮੈਡਮ ਸੋਨੀਆ ਕੌਰ, ਕੁਲਬੀਰ ਕੌਰ, ਰੇਸ਼ਮ ਸਿੰਘ, ਮੈਡਮ ਤੇਜਿੰਦਰ ਕੌਰ, ਰਵਨੀਤ ਕੌਰ, ਮਨਦੀਪ ਕੌਰ, ਜਸਵਿੰਦਰ ਕੌਰ, ਨਵਜੀਤ ਕੌਰ, ਪਰਮਵੀਰ ਕੌਰ, ਨਰਿੰਦਰ ਸਿੰਘ, ਮੈਡਮ ਗੁਰਵਿੰਦਰ ਕੌਰ, ਮੈਡਮ ਬਲਬੀਰ ਕੌਰ ਲਾਇਲਪੁਰੀ ਆਦਿ ਵੱਲੋਂ ਬੀਤੀ 14 ਸਤੰਬਰ ਤੋਂ ਉਕਤ ਨਿਯੁਕਤੀ ਦਾ ਵਿਰੋਧ ਕਰਦੇ ਹੋਏ ਧਰਨਾ ਦਿੱਤਾ ਜਾ ਰਿਹਾ ਹੈ ਉਕਤ ਅਧਿਆਪਕਾਂ ਦਾ ਰੋਸ ਹੈ ਕਿ ਸਕੂਲ ਵਿੱਚ ਨਵੀਂ ਨਿਯੁਕਤੀ ਸਮੇਂ ਸਿਨਿਓਰਟੀ ਨੂੰ ਨਜ਼ਰ ਅੰਦਾਜ਼ ਕੀਤਾ ਗਿਆ ਹੈ। ਉਹਨਾਂ ਦੀ ਮੰਗ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਇਸ ਮਾਮਲੇ ਵੱਲ ਧਿਆਨ ਦੇਵੇ ਅਤੇ ਉਕਤ ਮਾਮਲੇ ਦੇ ਵਿੱਚ ਬਣਦਾ ਇਨਸਾਫ ਦਿੱਤਾ ਜਾਵੇ।

# ਵਰੁਣ ਭਾਟੀਆ ਆਲ ਇੰਡੀਆ ਕਾਂਗਰਸ ਕਮੇਟੀ ਦੇ ਹਿਊਮਨ ਰਾਇਟਸ ਉਪ ਪ੍ਰਧਾਨ ਪੰਜਾਬ ਨਿਯੁਕਤ



**ਚੌਕ ਮਹਿਤਾ 22 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਆਲ ਇੰਡੀਆ ਕਾਂਗਰਸ ਕਮੇਟੀ ਹਿਊਮਨ ਰਾਇਟਸ ਦੇ ਨੈਸ਼ਨਲ ਪ੍ਰਧਾਨ ਸ੍ਰੀ ਵਰਿੰਦਰ ਕੁਮਾਰ ਫੁਲ ਵਲੋ ਵਰੁਣ ਭਾਟੀਆ ਨੂੰ ਆਲ ਇੰਡੀਆ ਕਾਂਗਰਸ ਕਮੇਟੀ ਹਿਊਮਨ ਰਾਇਟਸ ਵਿੱਚ ਉਪ ਪ੍ਰਧਾਨ ਪੰਜਾਬ ਨਿਯੁਕਤ ਕੀਤਾ ਗਿਆ ਇਸ ਮੌਕੇ ਸ੍ਰੀ ਵਰਿੰਦਰ ਕੁਮਾਰ ਫੁਲ ਨੇ ਕਿਹਾ ਕਿ ਸਾਨੂੰ ਬੇਹੱਦ ਖੁਸ਼ੀ ਹੈ ਕਿ ਵਰੁਣ ਭਾਟੀਆ ਜੋ ਕਿ ਪਿਛਲੇ ਲੰਬੇ ਸਮੇਂ ਤੋਂ ਕਾਂਗਰਸ ਕਮੇਟੀ ਨਾਲ ਜੁੜੇ ਹੋਏ ਹਨ ਅਤੇ ਪਾਰਟੀ ਪ੍ਰਤੀ ਆਪਣੀਆ ਵਧੀਆ ਸੇਵਾਵਾਂ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾ ਰਹੇ ਹਨ ਅਸੀਂ ਸਾਰਿਆਂ ਨੂੰ ਸ਼ੁਭਕਾਮਨਾਵਾਂ ਦਿੰਦੇ ਹਾਂ ਅਤੇ ਉਮੀਦ ਕਰਦੇ ਹਾਂ ਕਿ ਤੁਸੀਂ ਲੋੜਵੰਦ ਵਿਅਕਤੀਆਂ ਅਤੇ ਖੇਤਰ ਦੇ ਕੰਮ ਕਰਨ ਵਾਲੇ ਵਰਗ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਆਪਣਾ ਸਭ ਤੋਂ ਵਧੀਆ ਦਿਓਗੇ ਅਤੇ ਟੀਮ ਨਾਲ ਤਾਲਮੇਲ ਬਣਾਓਗੇ ਤੁਹਾਡੇ ਯਤਨ ਅਤੇ ਇਮਾਨਦਾਰ ਕੰਮ ਸਾਨੂੰ ਕਾਂਗਰਸ ਪਾਰਟੀ ਅਤੇ ਇਸਦੀਆਂ ਨੀਤੀਆਂ ਦੇ ਮਾਰਗ 'ਤੇ ਚੱਲਣ ਵੱਲ ਲੈ ਜਾਣਗੇ ਇਸ ਮੌਕੇ ਵਰੁਣ ਭਾਟੀਆ ਨੇ ਕਿਹਾ ਕਿ ਉਹਨਾਂ ਨੂੰ ਆਲ ਇੰਡੀਆ ਕਾਂਗਰਸ ਕਮੇਟੀ ਵਲੋ ਹਿਊਮਨ ਰਾਇਟਸ ਸੂਬਾ ਉਪ ਪ੍ਰਧਾਨ ਪੰਜਾਬ ਦਾ ਅਹੁਦਾ ਦਿੱਤਾ ਗਿਆ ਹੈ ਉਸ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ ਇਸ ਮੌਕੇ ਅਰੁਣ ਮਹਾਜਨ,ਜਗਦੀਪ ਭਾਟੀਆ, ਸ਼ੈਂਕੀ,ਅਭਿਸ਼ੇਕ,ਅਮਿਤ ਅਤੇ ਹੋਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਅਥਲੈਟਿਕਸ ਮੁਕਾਬਲਿਆਂ ਵਿੱਚ ਸੇਂਟ ਸੋਲਜਰ ਦੀਆਂ ਖਿਡਾਰਨਾਂ ਦੀ ਸ਼ਾਨਦਾਰ ਜਿੱਤ ,ਮਿਹਨਤ ਅਤੇ ਜਜ਼ਬੇ ਨਾਲ ਸ਼ਾਨਦਾਰ ਪ੍ਰਦਰਸ਼ਨ ਸਲਾਘਾਯੋਗ ਡਾਇਰੈਕਟਰ ਮੰਗਲ ਸਿੰਘ ਕਿਸ਼ਨਪੁਰੀ




**ਜੰਡਿਆਲਾ ਗੁਰੂ, 22 ਸਤੰਬਰ ( ਕੁਲਵੰਤ ਸਿੰਘ ਵਿਰਦੀ )**-70 ਵੀਆਂ ਪੰਜਾਬ ਸਕੂਲ ਬੋਰਡ ਦੀਆਂ ਜ਼ਿਲਾ ਪੱਧਰੀ ਕੁੜੀਆਂ ਦੀਆਂ ਅਥਲੈਟਿਕਸ ਖੇਡਾਂ ਵਿੱਚ ਸੇਟ ਸੋਲਜਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ ਦੀਆਂ ਖਿਡਾਰਨਾ ਨੇ ਧਮਾਕੇਦਾਰ ਜਿੱਤਾਂ ਪ੍ਰਾਪਤ ਕੀਤੀਆਂ। ਇਹ ਖੇਡਾਂ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਅੰਮ੍ਰਿਤਸਰ ਵਿਖੇ ਆਯੋਜਿਤ ਕੀਤੀਆਂ ਗਈਆਂ। ਜਿਨਾਂ ਵਿੱਚ ਸੇਂਟ ਸੋਲਜਰ ਦੀਆਂ ਖਿਡਾਰਨਾਂ ਦਾ ਪ੍ਰਦਰਸ਼ਨ ਯਾਦਗਾਰੀ ਰਿਹਾ। ਇਹਨਾਂ ਮੁਕਾਬਲਿਆਂ ਵਿੱਚ ਕਮਲਪ੍ਰੀਤ ਕੌਰ 100ਮੀਟਰ ਦੌੜ ਵਿੱਚ ਸਿਲਵਰ ਮੈਡਲ ਰਿਲੇ 4* 400 ਮੀਟਰ ਬਰੋਨਜ ਮੈਡਲ, ਖੁਸ਼ਮਨ ਕੌਰ ਅੰਡਰ 17 ਵਿੱਚ ਜੈਵਲਿਨ ਥਰੋ ਵਿੱਚ ਸਿਲਵਰ ਮੈਡਲ, ਮਨਰੀਤ ਕੌਰ ਅੰਡਰ 17 ਮੀਟਰ ਹਰਡਲ ਸਿਲਵਰ ਮੈਡਲ ਅਤੇ 4*400 ਮੀਟਰ ਰਿਲੇ ਬਰੋਨਜ਼ ਮੈਡਲ, ਮਨਦੀਪ ਕੌਰ ਅੰਡਰ 17 200 ਮੀਟਰ ਸਿਲਵਰ ਮੈਡਲ ਅਤੇ ਰਿਲੇ 4*400 ਮੀਟਰ ਬਰੋਨਜ ਮੈਡਲ, ਇਬਾਦਤ ਕੌਰ ਅੰਡਰ 17 ਹੈਮਰ ਥਰੋ ਸਿਲਵਰ ਮੈਡਲ ਅਤੇ ਜੈਵਲੀਨ ਅਤੇ ਡਿਸਕਸ ਥਰੋ ਵਿੱਚ ਬਰੋਨਜ਼ ਮੈਡਲ, ਸਮਰੀਨ ਕੌਰ ਅੰਡਰ 19, 400 ਮੀਟਰ ਹਰਡਲ ਵਿੱਚ ਬਰੋਨਜ਼ ਮੈਡਲ ਅਤੇ ਰਿਲੇ 4*400 ਮੀਟਰ ਸਿਲਵਰ ਮੈਡਲ, ਕੋਮਲਪ੍ਰੀਤ ਕੌਰ ਅੰਡਰ 17 ਟਰਿਪਲ ਜੰਪ ਬਰੋਨਜ਼ ਮੈਡਲ ਰਿਲੇ 4*400 ਮੀਟਰ ਬਰੋਨਜ਼ ਮੈਡਲ, ਹਰਸਿਮਰਤ ਕੌਰ ਅੰਡਰ 17 ਰਿਲੇ 4*400 ਬਰੋਨਜ਼ ਮੈਡਲ, ਅਨੁਰੀਤ ਕੌਰ ਅੰਡਰ 17 ਰਿਲੇ 4 *400 ਮੀਟਰ ਬਰੋਨਜ਼ ਮੈਡਲ, ਸੁਖਲੀਨ ਕੌਰ ਅੰਡਰ 17 ਰਿਲੇ 4*100 ਮੀਟਰ ਸਿਲਵਰ ਮੈਡਲ, ਸੁਖਮਨਪ੍ਰੀਤ ਕੌਰ ਅੰਡਰ 19 4*400 ਮੀਟਰ ਰਿਲੇ ਸਿਲਵਰ ਮੈਡਲ, ਚੇਤਨ ਜੋਤ ਕੌਰ ਅੰਡਰ 19 4*400 ਮੀਟਰ ਰਿਲੇ ਸਿਲਵਰ ਮੈਡਲ, ਅਨਮੋਲ ਪ੍ਰੀਤ ਕੌਰ ਅੰਡਰ 14 ਹੈਮਰ ਥਰੋ ਬਰੋਨਜ਼ ਮੈਡਲ। ਹਾਸਿਲ ਕੀਤੇ। ਸਕੂਲ ਪਹੁੰਚਣ ਤੇ ਜੇਤੂ ਖਿਡਾਰੀਆਂ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਤੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਡਾ. ਮੰਗਲ ਸਿੰਘ ਕਿਸ਼ਨਪੁਰੀ ਅਤੇ ਡਾਇਰੈਕਟਰ ਪ੍ਰਿੰਸੀਪਲ ਡਾ.ਅਮਰਪ੍ਰੀਤ ਕੌਰ ਜੀ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਅਤੇ ਸ਼ਾਬਾਸ਼ੀ ਦਿੱਤੀ। ਅਤੇ ਖਿਡਾਰੀਆਂ ਦੇ ਕੋਚਾਂ ਦੀ ਮਿਹਨਤ ਨੂੰ ਵੀ ਖੂਬ ਸਰਾਹਿਆ। ਅੱਗੇ ਤੋਂ ਵੀ ਇਸੇ ਤਰ੍ਹਾਂ ਪੂਰੀ ਮਿਹਨਤ ਅਤੇ ਜਜ਼ਬੇ ਨਾਲ ਸ਼ਾਨਦਾਰ ਪ੍ਰਦਰਸ਼ਨ ਕਰਨ ਦੀ ਆਸ ਪ੍ਰਗਟਾਈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੰਦੀਪ ਸ਼ਰਮਾ ,ਵਾਈਸ ਪ੍ਰਿੰਸੀਪਲ ਸ਼ਿਲਪਾ ਸ਼ਰਮਾ, ਕੁਆਡੀਨੇਟਰ ਨੀਲਾਕਸ਼ੀ ਗੁਪਤਾ, ਕੁਆਡੀਨੇਟਰ ਮਮਤਾ ਅਰੋੜਾ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਦਮਦਮੀ ਟਕਸਾਲ ਵੱਲੋਂ ਨਵੇਂ ਅਹੁਦੇਦਾਰਾਂ ਦਾ ਸਨਮਾਨ

# ਪੰਜਾਬ ਵਿੱਚ ਨਸ਼ਿਆਂ ਖਿਲਾਫ਼ ਜਲਦ ਵਿੱਢੀ ਜਾਵੇਗੀ ਮੁਹਿੰਮ



**ਫ਼ਿਰੋਜ਼ਪੁਰ, 22 ਸਤੰਬਰ (ਮਨੋਹਰ ਲਾਲ) :—** ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾ ਵਾਲੇ (ਮੁਖੀ ਦਮਦਮੀ ਟਕਸਾਲ) ਦੀ ਸੁਚੱਜੀ ਅਗਵਾਈ ਹੇਠ ਅਤੇ ਉਨ੍ਹਾਂ ਦੀ ਆਗਿਆ ਨਾਲ ਦਮਦਮੀ ਟਕਸਾਲ ਮਹਿਤਾ ਚੌਂਕ ਤੋਂ ਵਿਸ਼ੇਸ਼ ਤੌਰ ਤੇ ਪਹੁੰਚੇ ਮੁੱਖ ਬੁਲਾਰੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਵੱਲੋਂ ਗੁਰਦੁਆਰਾ ਗੁਰੂ ਨਾਨਕ ਸੰਗਤਸਰ ਦਮਦਮੀ ਟਕਸਾਲ ਝੋਕ ਮੋਹੜੇ ਵਿਖੇ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਮੌਕੇ ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਨਵੇਂ ਬਣਾਏ ਗਏ ਦਮਦਮੀ ਟਕਸਾਲ ਸੇਵਕ ਜਥੇ ਦੇ ਭਾਈ ਬਲਰਾਜ ਸਿੰਘ ਨੂੰ ਜਨਰਲ ਸਕੱਤਰ ਬਨਾਇਆ ਗਿਆ ਅਤੇ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ। ਸਮਾਗਮ ਦੌਰਾਨ ਸੰਬੋਧਨ ਕਰਦਿਆਂ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਨੇ ਚਿੰਤਾ ਪ੍ਰਗਟਾਉਂਦਿਆਂ ਕਿਹਾ ਕਿ ਅੱਜ ਪੰਜਾਬ ਵਿੱਚ ਨਸ਼ਿਆਂ ਦੇ ਕੋਹੜ ਕਾਰਨ ਸਾਡੀ ਨੌਜਵਾਨ ਪੀੜ੍ਹੀ ਤਬਾਹ ਹੋ ਰਹੀ ਹੈ ਅਤੇ ਰੋਜ਼ਾਨਾ ਨੌਜਵਾਨਾਂ ਦੀਆਂ ਜਾਨਾਂ ਜਾ ਰਹੀਆਂ ਹਨ। ਇਸ ਗੰਭੀਰ ਸਮੱਸਿਆ ਤੇ ਠੱਲ੍ਹ ਪਾਉਣ ਲਈ ਦਮਦਮੀ ਟਕਸਾਲ ਵੱਲੋਂ ਛੇਤੀ ਹੀ ਪੂਰੇ ਪੰਜਾਬ ਵਿੱਚ ਨਸ਼ਿਆਂ ਖਿਲਾਫ਼ ਇੱਕ ਵੱਡੀ ਸਮਾਜਿਕ ਤੇ ਜਾਗਰੂਕਤਾ ਮੁਹਿੰਮ ਵਿੱਢੀ ਜਾਵੇਗੀ। ਇਸ ਵਿਸ਼ੇਸ਼ ਮੌਕੇ ਤੇ ਜਥੇਦਾਰ ਭਾਈ ਬੋਹੜ ਸਿੰਘ ਦਮਦਮੀ ਟਕਸਾਲ, ਭਾਈ ਹਰਪਾਲ ਸਿੰਘ (ਜ਼ਿਲ੍ਹਾ ਪ੍ਰਧਾਨ ਦਮਦਮੀ ਟਕਸਾਲ ਸੇਵਕ ਜਥਾ), ਨਸੀਬ ਸਿੰਘ, ਭਾਈ ਬਲਰਾਜ ਸਿੰਘ (ਜਨਰਲ ਸਕੱਤਰ), ਪ੍ਰਿੰਸੀਪਲ ਡਾਕਟਰ ਅਰਜਨ ਸਿੰਘ ਅਤੇ ਮਨੋਹਰ ਲਾਲ (ਪ੍ਰੈਸ ਸਕੱਤਰ ਜ਼ਿਲ੍ਹਾ ਫਿਰੋਜ਼ਪੁਰ) ਸਮੇਤ ਹੋਰ ਵੀ ਪ੍ਰਮੁੱਖ ਸ਼ਖਸੀਅਤਾਂ ਅਤੇ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਚੰਗੀਆਂ ਸੇਵਾਵਾਂ ਦੇਣ ਬਦਲੇ

# ਪ੍ਰਿੰਸੀਪਲ ਤੇ ਵਾਈਸ ਪ੍ਰਿੰਸੀਪਲ ਨੂੰ ਕੀਤਾ ਸਨਮਾਨਿਤ




**ਫ਼ਿਰੋਜ਼ਪੁਰ, 22 ਸਤੰਬਰ (ਮਨੋਹਰ ਲਾਲ) :—** ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੌਜੂਦਾ ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਦੀ ਸਰਪ੍ਰਸਤੀ ਹੇਠ ਚੱਲ ਰਹੇ ਬਹੁਤ ਸਾਰੇ ਅਦਾਰਿਆਂ ਵਿੱਚੋਂ ਇੱਕ ਅਦਾਰਾ ਸੰਤ ਕਰਤਾਰ ਸਿੰਘ ਜੀ ਖਾਲਸਾ ਮੈਮੋਰੀਅਲ ਸੀਨੀਅਰ ਸੈਕਡਰੀ ਸਕੂਲ ਬੁਰਜ ਮੱਖਣ ਸਿੰਘ ਫਿਰੋਜ਼ਪੁਰ ਵਿਖੇ ਅੱਜ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਪਹੁੰਚੇ ਜਿਥੇ ਉਨ੍ਹਾਂ ਪ੍ਰਿੰਸੀਪਲ ਡਾਕਟਰ ਅਰਜਨ ਸਿੰਘ ਨਾਲ ਸਕੂਲ ਬਾਰੇ ਗੱਲਬਾਤ ਕੀਤੀ। ਇਸ ਮੌਕੇ ਤੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਪ੍ਰਿੰਸੀਪਲ ਡਾਕਟਰ ਅਰਜਨ ਸਿੰਘ ਨੂੰ ਚੰਗੀਆਂ ਸੇਵਾਵਾਂ ਬਦਲੇ ਸਨਮਾਨਿਤ ਕੀਤਾ ਅਤੇ ਨਾਲ ਹੀ ਵਾਇਸ ਪ੍ਰਿੰਸੀਪਲ ਬਲਰਾਜ ਸਿੰਘ ਨੂੰ ਵੀ ਸਨਮਾਨਿਤ ਕੀਤਾ। ਇਸ ਮੌਕੇ ਤੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਮੁੱਖ ਬੁਲਾਰਾ ਜਥੇਦਾਰ ਭਾਈ ਬੋਹੜ ਸਿੰਘ ਦਮਦਮੀ ਟਕਸਾਲ, ਭਾਈ ਹਰਪਾਲ ਸਿੰਘ ਜਿਲਾ ਪ੍ਰਧਾਨ ਦਮਦਮੀ ਟਕਸਾਲ ਸੇਵਕ ਜਥਾ, ਨਸੀਬ ਸਿੰਘ, ਪ੍ਰਿੰਸੀਪਲ ਡਾਕਟਰ ਅਰਜਨ ਸਿੰਘ, ਭਾਈ ਬਲਰਾਜ ਸਿੰਘ ਅਤੇ ਮਨੋਹਰ ਲਾਲ ਜਿਲਾ ਫਿਰੋਜ਼ਪੁਰ ਪ੍ਰੈਸ ਸਕੱਤਰ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਤਲੁਜ ਪ੍ਰੈਸ ਕਲੱਬ ਫਿਰੋਜ਼ਪੁਰ ਦਾ ਗਠਨ, ਨਵੀਂ ਟੀਮ ਤੇ ਅਹੁਦੇਦਾਰਾਂ ਦੀ ਹੋਈ ਚੋਣ, ਪੱਤਰਕਾਰਤਾ ਦੀ ਬਿਹਤਰੀ ਲਈ ਕੀਤਾ ਅਹਿਦ




**ਫ਼ਿਰੋਜ਼ਪੁਰ, 22 ਸਤੰਬਰ (ਮਨੋਹਰ ਲਾਲ) :—** ਪੱਤਰਕਾਰਤਾ ਦੇ ਖੇਤਰ ਵਿੱਚ ਇੱਕਜੁੱਟਤਾ, ਪੱਤਰਕਾਰਾਂ ਦੇ ਹਿੱਤਾਂ ਦੀ ਰਾਖੀ ਅਤੇ ਸਮਾਜਿਕ ਮੁੱਦਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਠਾਉਣ ਦੇ ਉਦੇਸ਼ ਨਾਲ ਅੱਜ ਫਿਰੋਜ਼ਪੁਰ ਵਿਖੇ ਸਤਲੁਜ ਪ੍ਰੈਸ ਕਲੱਬ ਫਿਰੋਜ਼ਪੁਰ ਦਾ ਵਿਸ਼ੇਸ਼ ਤੌਰ ਤੇ ਗਠਨ ਕੀਤਾ ਗਿਆ। ਇਸ ਮੌਕੇ ਹੋਈ ਇੱਕ ਪ੍ਰਭਾਵਸ਼ਾਲੀ ਇੱਕਤਰਤਾ ਦੌਰਾਨ ਕਲੱਬ ਦੀ ਨਵੀਂ ਬਾਡੀ ਦਾ ਗਠਨ ਕਰਦਿਆਂ ਸਰਬਸੰਮਤੀ ਨਾਲ ਨਵੇਂ ਅਹੁਦੇਦਾਰਾਂ ਦੇ ਨਾਵਾਂ ਦਾ ਐਲਾਨ ਕੀਤਾ ਗਿਆ। ਸਤਲੁਜ ਪ੍ਰੈਸ ਕਲੱਬ ਦੇ ਪ੍ਰਧਾਨ ਗੁਰਨਾਮ ਸਿੰਘ ਸਿੱਧੂ ਗਾਮਾ ਅਤੇ ਚੇਅਰਮੈਨ ਵਿਜੇ ਸ਼ਰਮਾ ਦੀ ਅਗਵਾਈ ਹੇਠ ਨਵੇਂ ਅਹੁਦੇਦਾਰਾਂ ਦੀ ਚੋਣ ਕੀਤੀ ਗਈ, ਜਿਸ ਵਿਚ ਪ੍ਰਧਾਨ ਗੁਰਨਾਮ ਸਿੰਘ ਸਿੱਧੂ ਗਾਮਾ, ਚੇਅਰਮੈਨ ਵਿਜੇ ਸ਼ਰਮਾ, ਸਰਪ੍ਰਸਤ ਜਸਵਿੰਦਰ ਸਿੰਘ ਸੰਧੂ, ਮੁੱਖ ਸਲਾਹਕਾਰ ਜਸਮਿੰਦਰ ਸਿੰਘ ਸੰਧੂ, ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸਿੰਘ ਸੰਧੂ, ਮੀਤ ਪ੍ਰਧਾਨ ਅਸ਼ੋਕ ਕੁਮਾਰ ਵਿਲਾਸਰਾ, ਮੀਤ ਪ੍ਰਧਾਨ ਕੰਵਰਜੀਤ ਸਿੰਘ ਸੰਧੂ, ਜਨਰਲ ਸਕੱਤਰ ਗੁਰਦਰਸ਼ਨ ਸਿੰਘ ਸੰਧੂ, ਖਜ਼ਾਨਚੀ ਰਾਕੇਸ਼ ਕਪੂਰ, ਜੁਆਇੰਟ ਸਕੱਤਰ ਸੁਖਵਿੰਦਰ ਸੁਖੀ, ਕੋਆਰਡੀਨੇਟਰ ਕਪਿਲ ਸੇਠੀ, ਪ੍ਰੈਸ ਸਕੱਤਰ ਮਨੋਹਰ ਲਾਲ ਚੁਣੇ ਗਏ। ਇਸ ਤੋਂ ਇਲਾਵਾ ਸਮਾਗਮ ਦੌਰਾਨ ਸਰਹੱਦ ਕੇਸਰੀ ਅਖਬਾਰ ਦੇ ਪੱਤਰਕਾਰ ਪਾਰਥ ਸਾਰਥੀ ਵਾਲੀਆ (ਨੈਕਟਰ ਗੈਸ ਏਜੰਸੀ) ਨੂੰ ਵੀ ਸਰਬਸੰਮਤੀ ਨਾਲ ਸਤਲੁਜ ਪ੍ਰੈੱਸ ਕਲੱਬ ਦਾ ਮੈਂਬਰ ਨਿਯੁਕਤ ਕੀਤਾ ਗਿਆ। ਚੋਣ ਤੋਂ ਬਾਅਦ ਨਵੇਂ ਬਣੇ ਅਹੁਦੇਦਾਰਾਂ ਨੇ ਪ੍ਰਧਾਨ ਗੁਰਨਾਮ ਸਿੰਘ ਸਿੱਧੂ ਗਾਮਾ ਅਤੇ ਚੇਅਰਮੈਨ ਵਿਜੇ ਸ਼ਰਮਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਜੋ ਮਾਣ—ਸਤਿਕਾਰ ਅਤੇ ਜ਼ਿੰਮੇਵਾਰੀ ਸੌਂਪੀ ਗਈ ਹੈ, ਉਸ ਨੂੰ ਉਹ ਪੂਰੀ ਇਮਾਨਦਾਰੀ, ਤਨਦੇਹੀ ਅਤੇ ਲਗਨ ਨਾਲ ਨਿਭਾਉਣਗੇ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਕਲੱਬ ਦੇ ਹਰ ਮੈਂਬਰ ਦੇ ਹੱਕਾਂ ਦੀ ਰਾਖੀ ਲਈ ਉਹ ਸਦਾ ਤੱਤਪਰ ਰਹਿਣਗੇ। ਇਸ ਸਮੇਂ ਪ੍ਰਧਾਨ ਗੁਰਨਾਮ ਸਿੰਘ ਸਿੱਧੂ ਗਾਮਾ ਅਤੇ ਚੇਅਰਮੈਨ ਵਿਜੇ ਸ਼ਰਮਾ ਨੇ ਸਾਰੇ ਚੁਣੇ ਗਏ ਸਤਿਕਾਰਯੋਗ ਸਾਥੀਆਂ ਅਤੇ ਨਵੇਂ ਮੈਂਬਰਾਂ ਨੂੰ ਮੁਬਾਰਕਬਾਦ ਦਿੱਤੀ। ਉਨ੍ਹਾਂ ਸਮੂਹ ਮੈਂਬਰਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਆਓ ਸਾਰੇ ਵੀਰ ਇੱਕ—ਦੂਜੇ ਦੀਆਂ ਬਾਹਾਂ ਬਣ ਕੇ ਕਲੱਬ ਦੀ ਬਿਹਤਰੀ ਅਤੇ ਤਰੱਕੀ ਲਈ ਮਿਲ ਕੇ ਕੰਮ ਕਰੀਏ ਤਾਂ ਜੋ ਸਤਲੁਜ ਪ੍ਰੈਸ ਕਲੱਬ ਦਾ ਨਾਂ ਸਭ ਤੋਂ ਉੱਚਾ ਹੋ ਸਕੇ ਅਤੇ ਇਹ ਸੰਸਥਾ ਸਮਾਜ ਵਿੱਚ ਨਿਰਪੱਖ ਪੱਤਰਕਾਰਤਾ ਦੀ ਇੱਕ ਮਿਸਾਲ ਬਣ ਕੇ ਉਭਰੇ। ਇਸ ਮੌਕੇ ਹਾਜ਼ਰ ਸਮੂਹ ਪੱਤਰਕਾਰਾਂ ਅਤੇ ਮੈਂਬਰਾਂ ਨੇ ਨਵੀਂ ਟੀਮ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਕਲੱਬ ਦੀ ਮਜ਼ਬੂਤੀ ਲਈ ਇੱਕਜੁੱਟ ਹੋ ਕੇ ਕੰਮ ਕਰਨ ਦਾ ਭਰੋਸਾ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਜਲਾਵਤਨ ਯੋਧੇ ਦੇ ਭਰਾਤਾ ਦਾ ਇੰਤਕਾਲ



ਭਾਈ ਅਵਤਾਰ ਸਿੰਘ ਹੁੰਦਲ ਬੀਤੇ 34 ਸਾਲਾਂ ਤੋਂ ਜਰਮਨ ਜਲਾਵਤਨੀ ਕੱਟ ਰਹੇ ਹਨ ! ਅਜੇ ਕੱਲ ਹੀ ਵੀਰ ਨਾਲ ਗੱਲ ਹੋ ਰਹੀ ਸੀ ਤੇ ਵੀਰ ਹੁੰਦਲ ਨੇ ਦੱਸਿਆ ਕਿ ਬੀਤੇ 34 ਸਾਲਾਂ ਚ, ਤੀਹ ਜੀਅ ਵਿਛੋੜਾ ਦੇ ਗਏ! ਮਾਮੇ, ਚਾਚੇ, ਤਾਏ , ਤਾਈਆਂ ਤਾਂ ਕੀ ਮਾਮਿਆਂ ਦੇ ਪੁੱਤ ਭਰਾਵਾਂ ਤੱਕ ਕਿਸੇ ਦੇ ਅੰਤਮ ਦਰਸ਼ਨ ਨਹੀਂ ਹੋਏ ! ਬੜਾ ਕਠਨ ਸਫ਼ਰ ਹੈ ਜਲਾਵਤਨੀ ਦਾ ਹਰ ਮੋਏ ਨਾਲ ਮਰਨਾ ਪੈਂਦਾ ਪਰ ਮਾਛੀਵਾੜੇ ਦੇ ਮਾਹੀ ਦਾ ਧਿਆਨ ਧਰ ਜਿਗਰਾ ਵੱਡਾ ਕਰਨਾ ਪੈਂਦਾ !

ਅੱਜ ਸਵੇਰੇ ਵੀਰ ਦਾ ਮੈਸਜ ਆਇਆ ਕਿ ਵੱਡਾ ਭਾਊ ਅੱਜ ਸਵੇਰੇ ਸਾਥ ਛੱਡ ਗਿਆ ! ਵੀਰ ਸਿਰਦਾਰ ਓਂਕਾਰ ਸਿੰਘ ਹੁੰਦਲ ਦਿਲ ਦਾ ਦੌਰਾ ਪੈਣ ਕਾਰਣ ਗੁਰੂ ਚ, ਚਰਨਾਂ ਚ, ਜਾ ਬਿਰਾਜਿਆ ! ਮੈਹਿਆ ਭਰਾ ਇੱਕਤੀ ਵਾਂ ਨੰਬਰ ਲਵਾ ਗਿਆ ਪਰ ਅਜੇ ਜਾਣ ਦਾ ਵਕਤ ਨਹੀਂ ਸੀ ! ਬਾਹਲ਼ੀ ਉਮਰ ਵੀ ਨਹੀਂ ਸੀ ! ਪਰ ਗੁਰੂ ਨੂੰ ਜੋ ਭਾਵੇਂ ਸਿੱਖ ਦਾ ਕੰਮ ਸ਼ਿਕਵਾ ਨਹੀ ! ਪਰ ਜਦੋਂ ਪਿਓ ਦਾ ਸਾਇਆ ਸਿਰ ਤੇ ਨਾਂ ਹੋਵੇ ਤੇ ਵੱਡਾ ਭਾਊ ਪਿਓ ਨਿਆਂਈ ਹੁੰਦਾ ! ਉਦਾਸ ਹੋਣਾ ਸੁਭਾਵਿਕ ! ਪਰ ਗੁਰੂ ਦੇ ਆਸਰੇ ਚੜ੍ਹਦੀ ਕਲਾ ਵਾਲੇ ਸੋਚਦੇ ਵੀ ਤੇ ਬਾਪੂ ਵਾਂਗ ਆ ! ਵੀਰ ਹੁੰਦਲ ਆਂਹਦਾ ਜੇ ਤਿੰਨ ਦਹਾਕੇ ਪਹਿਲਾਂ ਭਗੌੜੇ ਦਾ ਭਾਈ ਸਮਝ ਕੇ ਅਣਪਛਾਤਾ ਬਣਾ ਦਿੰਦੇ ਫਿਰ ਵੀ ਤੇ ਸਬਰ ਕਰਨਾ ਸੀ ! ਧੰਨ ਜਿਗਰਾ ਵੀਰਾਂ ਦਾ ! ਮੈਂ ਸੋਚਣ ਤੇ ਮਜਬੂਰ ਹੋਗਿਆ ਕਿ ਕਉਨ ਮੂਆ ਰੇ ਕਉਨ ਮੂਆ।। ਬ੍ਰਹਮ ਗਿਆਨੀ ਮਿਲਿ ਕਰਹੁ ਬੀਚਾਰਾ ਇਹ ਤਉ ਚਲਤੁ ਭਇਆ।। 1 ।।“

ਦੋਸਤੋ ਅਸਲ ਚ , ਮਰਦਾ ਕੋਈ ਨਹੀ ! ਇੱਕ ਜੈਨਰੇਸ਼ਨ ਗੈਬ ਹੁੰਦਾ ਹਾਢੇ ਪਿਓ ਦਾਦੇ ਤੁਰ ਜਾਂਦੇ ਤੇ ਰਹਿ ਜਾਂਦੇ ਮਗਰ ਡੀ ਐਨ ਏ ! ਭਾਵ ਓਹ ਜਾਂਦੇ ਕਿਤੇ ਨਹੀਂ ਧੀਆਂ ਪੁੱਤਰਾਂ ਦੇ ਰੂਪ ਸਾਥ ਹੀ ਗੁਜ਼ਰ ਰਹੇ ਹੁੰਦੇ ਆ ! ਸੋ ਸਾਡਾ ਓਂਕਾਰ ਭਾਊ ਕਿਤੇ ਨਹੀਂ ਗਿਆ ! ਕੋਲ ਹੈ ਆਪਣੇ ਧੀਆਂ ਪੁੱਤਰਾਂ ਦੇ ਰੂਪ ਚ ! ਦੁੱਖ ਹੈ ਤੇ ਜਲਾਵਤਨ ਵਿਛੋੜੇ ਦਾ ਜੋ ਸਿੰਘ ਤੇ ਮਹਿਸੂਸ ਨਹੀਂ ਕਰਦੇ ਪਰ ਮੇਰੇ ਵਰਗਾ ਨਿੱਕੇ ਦਿਲ ਵਾਲਾ ਲੇਖਕ ਮਹਿਸੂਸ ਕਰ ਸਕਦਾ!

ਭਾਈ ਅਵਤਾਰ ਸਿੰਘ ਹੁੰਦਲ ਨੂੰ ਮੇਰੇ ਨਾਲੋਂ ਵੱਧ ਕੋਈ ਨਹੀਂ ਜਾਣਦਾ ਸਿੱਖ ਫੈਡਰੇਸ਼ਨ ਜਰਮਨੀ ਦਾ ਸਦੈਵ ਐਕਟਿਵ ਕਾਰਕੁਨ ਤੇ ਅਜਕਲ ਵਾਰਿਸ ਪੰਜਾਬ ਦੇ ਜਰਮਨ ਯੂਨਿਟ ਦਾ ਜਨਰਲ ਸਕੱਤਰ ਤੇ ਅਨੇਕਾਂ ਲੋਕ ਭਲਾਈ ਸੰਸਥਾਵਾਂ ਰਾਹੀਂ ਪੰਜਾਬ ਪੰਜਾਬੀ ਤੇ ਪੰਜਾਬੀਅਤ ਦੀ ਸੇਵਾ ਨਿਭਾ ਰਿਹਾ ਹੈ ! ਸੋ ਐਸੇ ਪੰਥਕ ਆਗੂ ਦੇ ਭਰਾਤਾ ਦਾ ਵਿਛੋੜਾ ਸਾਡੇ ਸ਼ਭ ਲਈ ਅਸਹਿ ਹੈ ! ਵਾਹਿਗੁਰੂ ਸਾਡੇ ਵੱਡੇ ਭਾਊ ਓਂਕਾਰ ਸਿੰਘ ਜੀ ਹੁੰਦਲ ਨੂੰ ਆਪਣੇ ਚਰਨਾਂ ਚ, ਨਿਵਾਸ ਬਖਸ਼ੇ ਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬੱਲ ਬਖਸ਼ੇ !

**ਗੁਰੂ ਪੰਥ ਦੇ ਦਾਸ**

**-ਪ੍ਰਗਟ ਸਿੰਘ ਨਿੱਝਰ, ਜਲਾਵਤਨੀ 40 ਸਾਲ**

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243





★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243